SWITCH INSURANCE
AUTO, HOME & COMMERCIAL
Commercial Vehicle Insurance
Commercial Property Insurance
Commercial General Liability (CGL)
Rental Property
905-965-7474
www.SwitchInsurance.ca
7900 Hurontario St Suite 308, Brampton, ON L6Y 0P6

ਕੈਨੇਡੀਅਨ
# ਪੰਜਾਬੀ ਪੋਸਟ
Award winning news paper | Canadian Punjabi Post

JOSHI LAW OFFICE
Barrister, Solicitor & Notary Public
Immigration
Real Estate
Commercial Law
Affidavit
Power of Attorney
Rakesh M. Joshi B.A., LL.B
info@joshilawoffice.com | joshilawoffice.com
416-213-8600
6921 Steels Ave. W. Unit 11, Etobicoke, ON

To view our online newspaper visit punjabipost.ca/epaper | Vol 22* Issue 107 | Thursday, June 01, 2023 | Tel: 905-793-2202 | Fax: 905-793-2282 | news@punjabipost.ca | ਤੁਸੀਂ 'ਪੰਜਾਬੀ ਪੋਸਟ' Online ਰੋਜ਼ਾਨਾ ਪੜ੍ਹ ਸਕਦੇ ਹੋ

## ਬਹੁਗਿਣਤੀ ਐਮਪੀਜ਼ ਨੇ ਜੌਹਨਸਟਨ ਤੋਂ ਅਸਤੀਫਾ ਦੇਣ ਦੀ ਕੀਤੀ ਮੰਗ

ਓਟਵਾ, 31 ਮਈ (ਪੋਸਟ ਬਿਊਰੋ) : ਚੋਣਾਂ ਵਿੱਚ ਵਿਦੇਸ਼ੀ ਦਖਲ ਦੇ ਮੁੱਦੇ ਨਾਲ ਸਹੀ ਢੰਗ ਨਾਲ ਸਰਕਾਰ ਵੱਲੋਂ ਨਜਿੱਠਿਆ ਜਾ ਰਿਹਾ ਹੈ ਇਸ ਦਾ ਕੈਨੇਡੀਅਨਜ਼ ਨੂੰ ਭਰੋਸਾ ਦਿਵਾਉਣ ਲਈ ਪ੍ਰਧਾਨ ਮੰਤਰੀ ਜਸਟਿਨ ਟਰੂਡੋ ਵੱਲੋਂ ਕੀਤੀਆਂ ਜਾ ਰਹੀਆਂ ਕੋਸ਼ਿਸ਼ਾਂ ਨੂੰ ਬੁੱਧਵਾਰ ਨੂੰ ਉਸ ਸਮੇਂ ਢਾਹ ਲੱਗੀ ਜਦੋਂ ਹਾਊਸ ਆਫ ਕਾਮਨਜ਼ ਵਿੱਚ ਬਹੁਗਿਣਤੀ ਐਮਪੀਜ਼ ਵੱਲੋਂ ਸਪੈਸ਼ਲ ਰੈਪੋਰਟਰ ਨਿਯੁਕਤ ਕੀਤੇ ਗਏ ਡੇਵਿਡ ਜੌਹਨਸਟਨ ਨੂੰ ਇਸ ਅਹੁਦੇ ਤੋਂ ਪਾਸੇ ਹੋਣ ਦੇ ਹੱਕ ਵਿੱਚ ਵੋਟ ਪਾਈ ਗਈ। ਇਸ ਤਰ੍ਹਾਂ ਦੀ ਮੰਗ ਜੌਹਨਸਟਨ ਵੱਲੋਂ ਫੌਰੀ ਖਾਰਜ ਕਰ ਦਿੱਤੀ ਗਈ।




ਸਪੈਸ਼ਲ ਰੈਪੋਰਟਰ ਦੀ ਭੂਮਿਕਾ ਤੋਂ ਖੁਦ ਨੂੰ ਵੱਖ ਕਰਨ ਦੀ ਮੰਗ ਲਈ ਐਨਡੀਪੀ ਵੱਲੋਂ ਮਤਾ ਲਿਆਂਦਾ ਗਿਆ ਤੇ ਵਿਰੋਧੀ ਧਿਰਾਂ ਦੇ ਐਮਪੀਜ਼ ਵੱਲੋਂ ਰਲ ਕੇ ਇਸ ਦੇ ਹੱਕ ਵਿੱਚ ਵੋਟ ਪਾਈ ਗਈ। ਇਹ ਮਤਾ 150 ਦੇ ਮੁਕਾਬਲੇ 174 ਵੋਟਾਂ ਨਾਲ ਪਾਸ ਹੋਇਆ। ਇਸ ਮਤੇ ਵਿੱਚ ਇਹ ਵੀ ਆਖਿਆ ਗਿਆ ਸੀ ਕਿ ਫੈਡਰਲ ਸਰਕਾਰ ਬਿਨਾਂ ਦੇਰ ਦੇ ਇਸ ਮਾਮਲੇ ਵਿੱਚ ਜਨਤਕ ਜਾਂਚ ਸ਼ੁਰੂ ਕਰਾਵੇ। ਹਾਲਾਂਕਿ ਇਹ ਕਦਮ ਸੰਕੇਤਾਤਮਕ ਸੀ ਤੇ ਇਸ ਨਾਲ ਜੌਹਨਸਟਨ ਦੇ ਅਹੁਦੇ ਨੂੰ ਕੋਈ ਖਤਰਾ ਖੜ੍ਹਾ ਨਹੀਂ ਹੋਣ ਵਾਲਾ ਪਰ ਐਨਡੀਪੀ ਆਗੂ ਜਗਮੀਤ ਸਿੰਘ ਨੇ ਬੁੱਧਵਾਰ ਨੂੰ ਆਖਿਆ ਕਿ ਉਹ ਆਸ ਕਰਦੇ ਹਨ ਕਿ ਇਸ ਨਾਲ ਟਰੂਡੋ ਨੂੰ ਇਹ ਸੰਕੇਤ ਮਿਲ ਗਿਆ ਹੋਵੇਗਾ ਕਿ ਹਾਊਸ ਆਫ ਕਾਮਨਜ਼ ਦਾ ਜੌਹਨਸਟਨ ਉੱਤੇ ਕੋਈ ਭਰੋਸਾ ਨਹੀਂ ਰਿਹਾ।

ਉਨ੍ਹਾਂ ਆਖਿਆ ਕਿ ਜੌਹਨਸਟਨ ਇਸ ਅਹੁਦੇ ਉੱਤੇ ਬਣੇ ਰਹਿਣ ਇਸ ਦਾ ਕੋਈ ਕਾਰਨ ਨਹੀਂ ਰਹਿ ਗਿਆ। ਉਨ੍ਹਾਂ ਇਹ ਵੀ ਆਖਿਆ ਕਿ ਜੌਹਨਸਟਨ ਨਾਲ ਕਿਸੇ ਦੀ ਕੋਈ ਨਿਜੀ ਰੰਜਿਸ਼ ਨਹੀਂ ਹੈ ਤੇ ਨਾ ਹੀ ਉਨ੍ਹਾਂ ਦੀ ਭਰੋਸੇਯੋਗਤਾ ਉੱਤੇ ਹੀ ਇੱਥੇ ਸਵਾਲ ਕੀਤਾ ਜਾ ਰਿਹਾ ਹੈ। ਪਰ ਪੱਖਪਾਤ ਦੀ ਭਾਵਨਾ ਐਨੀ ਜ਼ਿਆਦਾ ਤੇਜ਼ ਹੈ ਕਿ ਜੌਹਨਸਟਨ ਦੀਆਂ ਕੋਸ਼ਿਸ਼ਾਂ ਉੱਤੇ ਪਾਣੀ ਫਿਰ ਸਕਦਾ ਹੈ।

## ਹੁਣ ਅੱਧੀ ਰਾਤ ਤੱਕ ਬਿੱਲਾਂ ਉੱਤੇ ਬਹਿਸ ਕਰਨਗੇ ਐਮਪੀਜ਼

ਓਟਵਾ, 31 ਮਈ (ਪੋਸਟ ਬਿਊਰੋ) : ਜੂਨ ਦੇ ਅੰਤ ਵਿੱਚ ਹਾਊਸ ਦੀ ਕਾਰਵਾਈ ਬੰਦ ਹੋਣ ਤੋਂ ਪਹਿਲਾਂ ਹੁਣ ਉਹ ਸਮਾਂ ਆ ਗਿਆ ਹੈ ਜਦੋਂ ਐਮਪੀਜ਼ ਬਿੱਲਾਂ ਉੱਤੇ ਰਾਤ ਤੱਕ ਬਹਿਸ ਕਰਦੇ ਹਨ। ਅਜਿਹਾ ਇਸ ਲਈ ਕਿਉਂਕਿ ਫੈਡਰਲ ਸਰਕਾਰ ਗਰਮੀਆਂ ਦੀਆਂ ਛੁੱਟੀਆਂ ਤੋਂ ਪਹਿਲਾਂ ਜਿੰਨੇ ਵੱਧ ਤੋਂ ਵੱਧ ਹੋ ਸਕਣ ਬਿੱਲ ਪਾਸ ਕਰਨੇ ਚਾਹੁੰਦੀ ਹੈ।

ਬੁੱਧਵਾਰ ਨੂੰ ਸਰਕਾਰ ਦੇ ਹਾਊਸ ਲੀਡਰ ਮਾਰਕ ਹਾਲੈਂਡ ਨੇ ਐਲਾਨ ਕੀਤਾ ਕਿ ਹਾਊਸ ਆਫ ਕਾਮਨਜ਼ ਹੁਣ ਤੋਂ ਰੋਜ਼ਾਨਾ ਰਾਤ ਤੱਕ ਕੰਮ ਕਰੇਗਾ। ਜ਼ਿਕਰਯੋਗ ਹੈ ਕਿ 23 ਜੂਨ ਤੋਂ ਦੋ ਮਹੀਨੇ ਦੀਆਂ ਛੁੱਟੀਆਂ ਲਈ ਹਾਊਸ ਦੀ ਕਾਰਵਾਈ ਖਾਰਜ ਕਰ ਦਿੱਤੀ ਜਾਵੇਗੀ। ਹਾਊਸ ਦੇ ਸਿਟਿੰਗ ਸਬੰਧੀ ਘੰਟਿਆਂ ਵਿੱਚ ਵਾਧੇ ਲਈ ਨਵੰਬਰ ਵਿੱਚ ਮਤਾ ਪਾਸ ਕੀਤਾ ਗਿਆ ਸੀ ਤੇ ਹੁਣ ਐਮਪੀਜ਼ ਨੂੰ ਤਿੰਨ ਹਫਤਿਆਂ ਲਈ ਰਾਤ ਤੱਕ ਕਈ ਬਿੱਲਾਂ ਉੱਤੇ ਚਰਚਾ ਕਰਨੀ ਹੋਵੇਗੀ।



ਹਾਲੈਂਡ ਨੇ ਆਖਿਆ ਕਿ ਐਮਪੀਜ਼ ਦੇ ਛੁੱਟੀਆਂ ਉੱਤੇ ਜਾਣ ਤੋਂ ਪਹਿਲਾਂ ਲਿਬਰਲ ਸਰਕਾਰ ਚਾਹੁੰਦੀ ਹੈ ਕਿ ਕਈ ਅਹਿਮ ਬਿੱਲਾਂ ਜਿਵੇਂ ਕਿ ਬਜਟ ਲਾਗੂ ਕਰਨ ਸਬੰਧੀ ਬਿੱਲ, ਵਿਦੇਸ਼ ਨੀਤੀ ਉੱਤੇ ਕੇਂਦਰਿਤ ਬਿੱਲ, ਆਨਲਾਈਨ ਨਿਊਜ਼ ਤੇ ਡਿਸਐਬਿਲਿਟੀ ਬੈਨੇਫਿਟ ਬਿੱਲ ਆਦਿ ਉੱਤੇ ਚਰਚਾ ਹੋ ਸਕੇ ਤੇ ਇਨ੍ਹਾਂ ਨੂੰ ਪਾਸ ਕਰਵਾਇਆ ਜਾ ਸਕੇ। ਹਾਲੈਂਡ ਨੇ ਇਹ ਦੋਸ਼ ਵੀ ਲਾਇਆ ਕਿ ਕੰਜ਼ਰਵੇਟਿਵਾਂ ਵੱਲੋਂ ਅੜਿੱਕੇ ਪਾਏ ਜਾਣ ਕਾਰਨ ਵੀ ਇਹ ਫੈਸਲਾ ਕਰਨਾ ਪਿਆ ਹੈ। ਹਾਲੈਂਡ ਨੇ ਇਹ ਵੀ ਆਖਿਆ ਕਿ ਇੱਕ ਇੱਕ ਬਿੱਲ ਉੱਤੇ ਕੰਜ਼ਰਵੇਟਿਵ ਜਾਣਬੁੱਝ ਕੇ ਵਾਧੂ ਸਮਾਂ ਲਾਉਂਦੇ ਹਨ ਤਾਂ ਕਿ ਹਾਊਸ ਦੀ ਕਾਰਵਾਈ ਲਮਕ ਜਾਵੇ।

ਇਸ ਉੱਤੇ ਹਾਲੈਂਡ ਦੇ ਹਮਰੁਤਬਾ ਕੰਜ਼ਰਵੇਟਿਵ ਅਧਿਕਾਰੀ ਐਂਡਰਿਊ ਸ਼ੀਅਰ ਨੇ ਆਖਿਆ ਕਿ ਲਿਬਰਲ ਆਪਣੇ ਵੱਧ ਖਰਚਿਆਂ, ਵੱਧ ਲਾਗਤ, ਮਹਿੰਗਾਈ, ਵੱਧ ਵਿਆਜ਼ ਦਰਾਂ ਤੇ ਵੱਧ ਕ੍ਰਾਈਮ ਵਾਲੇ ਏਜੰਡੇ ਨੂੰ ਤੇਜ਼ੀ ਨਾਲ ਹਾਊਸ ਆਫ ਕਾਮਨਜ਼ ਵਿੱਚੋਂ ਪਾਸ ਕਰਵਾਉਣਾ ਚਾਹੁੰਦੇ ਹਨ। ਇਸ ਲਈ ਅਜਿਹੀਆਂ ਗੜਬੜਾਂ ਜਿਸ ਵੀ ਬਿੱਲ ਵਿੱਚ ਨਜ਼ਰ ਆਉਣਗੀਆਂ ਉਸ ਉੱਤੇ ਤਾਂ ਅਸੀਂ ਟਾਈਮ ਲਾਵਾਂਗੇ ਹੀ। ਅਸੀਂ ਆਪਣਾ ਕੰਮ ਕਰਾਂਗੇ। ਸਾਨੂੰ ਸਰਕਾਰ ਨੂੰ ਜਵਾਬਦੇਹ ਠਹਿਰਾਉਣ ਦੀ ਜ਼ਿੰਮੇਵਾਰੀ ਦਿੱਤੀ ਗਈ ਹੈ ਤੇ ਅਸੀਂ ਉਸ ਨੂੰ ਪੂਰਾ ਕਰਕੇ ਰਹਾਂਗੇ।

## ਰੋਵੇਨਾ ਸੈਂਟੋਸ ਨੂੰ ਚੌਥੀ ਵਾਰੀ ਐਫਸੀਐਮ ਦੇ ਬੋਰਡ ਵਿੱਚ ਕੀਤਾ ਗਿਆ ਸ਼ਾਮਲ

ਬਰੈਂਪਟਨ, 31 ਮਈ (ਪੋਸਟ ਬਿਊਰੋ) : ਫੈਡਰੇਸ਼ਨ ਆਫ ਕੈਨੇਡੀਅਨ ਮਿਊਂਸਪੈਲਿਟੀਜ਼ (ਐਫਸੀਐਮ) ਵੱਲੋਂ ਬਰੈਂਪਟਨ ਦੀ ਕਾਊਂਸਲਰ ਰੋਵੇਨਾ ਸੈਂਟੋਸ ਨੂੰ ਲਗਾਤਾਰ ਚੌਥੀ ਵਾਰੀ ਬੋਰਡ ਵਿੱਚ ਸ਼ਾਮਲ ਕਰ ਲਿਆ ਗਿਆ ਹੈ। 1901 ਤੋਂ ਹੀ ਐਫਸੀਐਮ ਕੈਨੇਡਾ ਦੀ ਮਿਊਂਸਪਲ ਸਰਕਾਰ ਦੀ ਕੌਮੀ ਪੱਧਰ ਉੱਤੇ ਆਵਾਜ਼ ਰਹੀ ਹੈ। ਇਸ ਦੇ ਮੈਂਬਰਾਂ ਵਿੱਚ ਦੇਸ਼ ਭਰ ਦੀਆਂ 2,000 ਮਿਊਂਸਪੈਲਿਟੀਜ਼ ਤੋਂ ਵੱਧ ਮੈਂਬਰ ਸ਼ਾਮਲ ਹੁੰਦੇ ਹਨ ਤੇ ਇਹ ਸਾਰੇ ਕੈਨੇਡੀਅਨਜ਼ ਦੀ 90 ਫੀ ਸਦੀ ਤੋਂ ਵੀ ਵੱਧ ਨੁਮਾਇੰਦਗੀ ਕਰਦੇ ਹਨ।

ਫੈਡਰੇਸ਼ਨ ਆਫ ਕੈਨੇਡੀਅਨ ਮਿਊਂਸਪੈਲਿਟੀਜ਼ ਐਨੂਅਲ ਕਾਨਫਰੰਸ ਐਂਡ ਟਰੇਡ ਸ਼ੋਅ 25 ਮਈ ਤੋਂ 28 ਮਈ ਤੱਕ ਟੋਰਾਂਟੋ ਵਿੱਚ ਕਰਵਾਇਆ ਗਿਆ। ਇਸ ਸਾਲ ਦਾ ਥੀਮ ਸੀ ਲੋਕਲ ਐਕਸ਼ਨ, ਨੈਸ਼ਨਲ ਰਿਜ਼ਲਟ। ਕਾਊਂਸਲਰ ਸੈਂਟੋਸ 2020 ਤੋਂ ਐਫਸੀਐਮ ਦੇ ਬੋਰਡ ਵਿੱਚ ਸੇਵਾ ਨਿਭਾਅ ਰਹੀ ਹੈ। ਹਰ ਸਾਲ ਇਹ ਕਾਨਫਰੰਸ ਸਿਟੀ ਆਫ ਬਰੈਂਪਟਨ ਲਈ ਵਿਚਾਰਨ ਵਾਸਤੇ ਕਈ ਅਹਿਮ ਮੁੱਦੇ ਮੁਹੱਈਆ ਕਰਵਾਉਂਦੀ ਹੈ ਤੇ ਇਸ ਦੇ



ਨਾਲ ਹੀ ਫੈਡਰਲ ਸਰਕਾਰ ਤੋਂ ਸਹਿਯੋਗ ਤੇ ਫੰਡਿੰਗ ਦੀ ਪੈਰਵੀ ਵੀ ਕਰਦੀ ਹੈ।

2023 ਲਈ ਸਿਟੀ ਦੀਆਂ ਤਰਜੀਹਾਂ ਇਸ ਪ੍ਰਕਾਰ ਹਨ :

- ਬਿਹਤਰ ਟਰਾਂਜ਼ਿਟ ਦੇ ਨਿਰਮਾਣ ਲਈ ਵਚਨਬੱਧਤਾ
- ਬਰੈਂਪਟਨ ਵਾਸੀਆਂ ਲਈ ਹਾਊਸਿੰਗ ਦੇ ਬਦਲ ਮੁਹੱਈਆ ਕਰਵਾਉਣਾ ਤੇ ਖੁਸ਼ਹਾਲ ਕਮਿਊਨਿਟੀਜ਼ ਦੀ ਸਿਰਜਣਾ
- ਸਰਗਰਮ ਟਰਾਂਸਪੋਰਟੇਸ਼ਨ ਇਨਫਰਾਸਟ੍ਰਕਚਰ ਤੇ ਪ੍ਰੋਗਰਾਮਾਂ ਲਈ ਸਥਿਰ ਫੰਡਿੰਗ ਮੁਹੱਈਆ ਕਰਵਾਉਣਾ
- ਕਲਾਈਮੇਟ ਚੇਂਜ ਨੂੰ ਜਜ਼ਬ ਕਰਨ ਤੇ ਲਚੀਲੇਪਨ ਲਈ ਅਗਾਊਂ ਨਿਵੇਸ਼
- ਆਰਥਿਕ ਵਿਕਾਸ ਤੇ ਰਿਕਵਰੀ, ਨੌਕਰੀਆਂ ਤੇ ਵਿਕਾਸ ਲਈ ਨਿਵੇਸ਼

NOW HIRING !!!
ALLKIND INSURANCE
•Life Insurance •Super Visa Insurance
•Critical illness Ins •Mortgage Insurance
•Travel & Visitor Ins •Disability Insurance
•RESP & TFSA & RRSP •Funeral Insurance
SIMRAN SAINI
416.994.7272
www.allkindinsurance.com

INSURANCE
Home, Auto, Business, Trucking, Life Insurance, Commercial
647-206-2452
Sukhwinder K Singh
CONNEX 7050A Bramalea Rd, Unit # 13, Mississauga, ON L5S 1T1

PEST PROBLEM ?
Residential & Commercial
100% Customer Satisfaction
All Pest Control
MICE, COCKROACH, BEDBUG & ALL COMMON BUGS
AFFORDABLE & RELIABLE
647.990.3205
KSG Pest Control Inc.
Residential, Commercial
www.ksgpestcontrol.ca
ksgpestcontrol@gmail.com
Amarjeet Singh Gill

Law Office of Aman Sharma
-Real Estate -Commercial Lease
-Business Purchase & Sale
-Notarizations & Affidavits
-Wills & Power Of Attorney
Fax: 905-913-2344 Tel: 905-913-2355
25 Cherrycrest Drive, Unit # 6
Brampton, ON, L6P 3W4
Aman Sharma
Open Saturday
Providing excellent quality legal services to our clients

KELLEY LAW OFFICE
Immigration, Real Estate, Family Law, Business Closing, Corporate, Wills & Estate, Power of Attorney/Affidavit /Attestations
www.kelleylawoffice.ca | info@kelleylawoffice.ca
ਇੱਥੇ ਹਰ ਤਰ੍ਹਾਂ ਦੇ ਇਮੀਗਰੇਸ਼ਨ, ਰੀਅਲ ਅਸਟੇਟ, ਬਿਜਨਸ ਲਾਅ, ਕੋਰਪੋਰੇਟ, ਫੈਮਲੀ ਲਾਅ, ਵਸੀਅਤਨਾਮੇ, ਪਾਵਰ ਆਫ ਅਟੋਰਨੀ, ਰਾਹਦਾਰੀ ਅਤੇ ਹੋਰ ਕਾਨੂੰਨੀ ਸਲਾਹ ਮਸ਼ਵਰੇ ਲਈ ਫੋਨ ਕਰੋ!
1200 Derry Road E, #15, Mississauga, ON L5T 0B3
Shinder Kelley, Barrister, Solicitor & Notary Public
905-362-0755

Royal Pest Control
Residential Commercial Industrial
Specialist in Bedbugs Service
All Pest Control :
•Mouse & Rats •Spiders & Fleas •Bedbugs •Wasps
•Cockroaches •Carpenter Ants •Silver Fish •Racoons
Call : PARESH PATEL (Government Approved Licensed Technician)
416 938 4598

A-One Drivers TRAINING SCHOOL
G2, G ਦੀ ਹਿੰਦੀ, ਪੰਜਾਬੀ ਉਰਦੂ, ਅੰਗਰੇਜੀ ਭਾਸ਼ਾਵਾਂ ਦੇ ਵਿੱਚ ਪ੍ਰੋਫੈਸ਼ਨਲ ਤਰੀਕੇ ਨਾਲ ਟਰੇਨਿੰਗ ਦਿੱਤੀ ਜਾਂਦੀ ਹੈ
ਨਰਵਸ ਡਰਾਈਵਰ ਹੋ ਜਾਂ ਬਾਰ ਬਾਰ ਫੇਲ ਹੋਣ ਤੋਂ ਬਚਣ ਲਈ ਕਾਲ ਕਰ ਸਕਦੇ ਹੋ
ਫਰੀ ਪਿਕਅਪ
Best Rates For Lessons
] ਮੁਫਤ ਪਿਕਅਪ ਅਤੇ ਡਰਾਪ ਆਫ
] ਫੁੱਲ ਕੋਰਸ ਨਾਲ ਇੰਸ਼ੋਰੈਂਸ ਡਿਸਕਾਊਂਟ ਸਰਟੀਫਿਕੇਟ
] ਬਰੈਂਪਟਨ, ਮਿਸੀਸਾਗਾ ਦੇ ਇਲਾਕੇ ਵਿੱਚ ਸੇਵਾਵਾਂ
] ਵਾਜਿਬ ਕੀਮਤ
ਲੇਡੀ ਇੰਸਟ੍ਰਕਟਰ
647-998-7500 ਬਲਵਿੰਦਰ

OURR HOME & APPLIANCES
HOT SUMMER Deal
$2,999* $4,299* $5,199*
SAMSUNG BUY MORE SAVE MORE
KitchenAid, moffat, MAYTAG, LG, SAMSUNG, Electrolux, JENNAIR, BOSCH, Whirlpool
5781 Highway 7 Unit 10 Vaughan, ON L4L 1T8 (416) 477-5556 | 44 Fasken Dr, #2-9 Etobicoke, ON M9W 5M8 (416) 792-0877 | Unit #1, 241 Clarence St Brampton, On L6W 3E7 (416) 551-3343 | 1050 Speers Road Oakville, On L6L 2X4 (416) 613-0555
416-551-5553 WWW.OURRHOMEAPPLIANCES.COM

Canada Consumer Credit Assistance ਕਰਜ਼ਾ ਰਹਿਤ ਜ਼ਿੰਦਗੀ ਜੀਓ
• ਪਾਵਰ ਆਫ ਸੇਲ ਨੋਟਿਸ ?
• ਗਾਰਨਿਸ਼ਮੈਂਟ?
• ਬੈਂਕ ਵਲੋਂ ਪੈਸੇ ਦੀ ਮੰਗ ?
• ਰੈਵਨਿਊ ਕੈਨੇਡਾ ਵਲੋਂ ਟੈਕਸ ਦੀ ਮੰਗ ?
ਕੁਲੈਕਸ਼ਨ ਕਾਲਾਂ, ਬੈਂਕ ਕਰਪਸੀ ਅਤੇ ਕਰਜ਼ੇ ਤੋਂ ਪੱਕਾ ਛੁਟਕਾਰਾ ਪਾ ਕੇ ਆਪਣਾ ਕਰੈਡਿਟ ਦੁਬਾਰਾ ਬਨਾਉਣ ਲਈ
ਹੁਣੇ ਹੀ ਕਾਲ ਕਰੋ
75% ਤੱਕ ਆਪਣਾ ਕਰਜ਼ਾ ਮਾਫ ਕਰਾਓ, ਬਹੁਤ ਆਸਾਨ ਕਿਸ਼ਤਾਂ ਬਿਨਾ ਵਿਆਜ ਤੋਂ
ਕਰਜ਼ੇ ਦੀ ਸਿਰਦਰਦੀ ?
ਮੁਫਤ ਅਤੇ ਗੁਪਤ ਸਲਾਹ ਲਈ ਅੱਜ ਹੀ ਜਸਬੀਰ ਹੁੰਦਲ ਨੂੰ ਕਾਲ ਕਰੋ
Late Evening and Weekends Appointments Available
1888 864 3131
Jasbir Singh Hundal, Qualified Credit Counsellor
www.MakeMeDebtFree.ca 416-502-3100 Unit #20 - 7015 Tranmere Drive Mississauga, ON L5S 1T7

Mortgage! We Will Beat Any Rate !!!
*Each Mortgage Center Office is Independently Owned & Operated
Purchase || Refinance || Major Banks /Credit Unions || Private Lenders || Second Mortgages-Lowest 6.99 %
The Mortgage Centre
Cell: 416-841-4218 Tel: 905-216-5563
AvonFinancial Inc. Advice you can bank on. Brokerage Lic. 12538
Harpreet Singh Goraya, Principal Broker (Lic # M12000607)
831 Bovaird Dr. West, Unit 25, Brampton, ON L6X 0T9 Fax : 905-216-0392

ਨਵਾਂ ਘਾਹ ਲਵਾਉ | 647-784-1213
www.aaalandscaping.ca
1. ਪੁਰਾਣਾ ਘਾਹ ਹਟਾਉ ਅਤੇ ਨਵਾਂ ਲਵਾਉ
2. ਏਰੀਆ ਨੂੰ ਲੇਵਲ ਕਰਨਾ ਅਤੇ ਮਿੱਟੀ ਰਲਾਉਣੀ
3. ਨਵਾਂ ਘਾਹ ਲਵਾਉ
4. ਆਪਣੇ ਨਵੇਂ ਅਤੇ ਸੋਹਣੇ ਘਾਹ ਨੂੰ ਦੇਖੋ

SUPER VISA INSURANCE EXPERTS
7003 Steeles Ave. W, Unit 10, Etobicoke, ON, M9W 0A2
gill@punjabinsurance.ca | topinsuranceservices.ca
Punjab Insurance Inc
Disability Insurance
Mortgage Insurance
Life Insurance
Visitor & Travel Insurance
RESP(Education Plan)
Critical Illness Insurance
RANJIT GILL, Insurance Advisor
416-724-5000

AUTO & HOME INSURANCE
Super visa Insurance
Life & Disability
Critical illness
RESP
Visitor & Travel insurance
(416-845-1352)
Manwinder Mangat, Broker
Aaxel InsuranceBrokers Ltd.
1332 Khalsa Dr, Unit # 11, Mississauga, ON L5S 0A2

HELPING YOU PLAN TODAY...FOR TOMORROW
• Supervisa / Visitor Insurance
• Life /Mortgage/Funeral Insurance
• Disability Insurance
• Critical Illness Insurance
• RESP /RRSP
www.ufsinsurance.com
JATINDERBIR S BAJWA, Insurance Broker
Dir:647-928-4990
# 25-831 Bovarid Dr. W. Brampton, ON L6X0T9 | www.ufsinsurance.com

PROTECT YOUR HOME FROM PESTS
Pest Control
100% Success rate for bed bug Treatment
Low Rates/Excellent Pest Control Services
Free Home Inspection Call Today
Ranjit Sidhu, Certified & Licenced Exterminator
BED BUG MATTRESS COVER ALSO AVAILABLE
A-Z Pest Control Inc.
Cell: 647.668.3944 | Office: 905.455.0648
info@atozpestcontroltoronto.com | www.atozpestcontroltoronto.com

CN Forklift Training Center
Counterbalance All Types | Walkie pallet Low Lift | Electric Motor Narrow Aisle Reach | Cherry Order Picker
License $69 Toll Free: 1 855 230 0001
7033 Telford Way, Unit #4, Mississauga, ON L5S 1V4
When You Need Re certified License & Training First Call to us
Cell: 416 726 6206 Tel: 905 405 0001
NC Dhawan, Certified Instructor

MANN LAW FIRM
• Real Estate Law • Business Law
• Wills & Estates • Family Law
• Power of Attorney • Civil Litigation
• Affidavits Notarization / Declaration
Maninder S. Mann B.A. (Hons.), LLB
BARRISTER SOLICITOR NOTARY
Address: 2130 North Park Dr. Suite 246 Brampton, ON L6S 0C9
T: 905 799 9333
www.mannlawfirm.ca

## ਪੂਲ ਵਿੱਚੋਂ ਬੇਸੁੱਧ ਮਿਲੀ ਮਹਿਲਾ ਨੂੰ ਮ੍ਰਿਤਕ ਐਲਾਨਿਆ ਗਿਆ

ਬਰੈਂਪਟਨ, 31 ਮਈ (ਪੋਸਟ ਬਿਊਰੋ) : ਬਰੈਂਪਟਨ ਦੇ ਇੱਕ ਘਰ ਦੇ ਬੈਕਯਾਰਡ ਪੂਲ ਵਿੱਚੋਂ ਬੇਸੁੱਧ ਮਿਲੀ ਮਹਿਲਾ ਨੂੰ ਨਾਜ਼ੁਕ ਹਾਲਤ ਵਿੱਚ ਹਸਪਤਾਲ ਲਿਜਾਇਆ ਗਿਆ, ਜਿੱਥੇ ਉਸ ਦੀ ਮੌਤ ਹੋ ਗਈ। ਇਹ ਜਾਣਕਾਰੀ ਪੀਲ ਰੀਜਨਲ ਪੁਲਿਸ ਨੇ ਦਿੱਤੀ।

ਬੁੱਧਵਾਰ ਸ਼ਾਮ ਨੂੰ ਜਾਰੀ ਕੀਤੀ ਗਈ ਅਪਡੇਟ ਵਿੱਚ ਪੁਲਿਸ ਨੇ ਆਖਿਆ ਕਿ ਇੱਕ ਮਹਿਲਾ ਨੂੰ ਬਿਨਾਂ ਸਾਹ ਸਤ ਦੇ ਪੂਲ ਵਿੱਚ ਪਾਇਆ ਗਿਆ। ਉਸ ਨੂੰ ਹੋਸ਼ ਵਿੱਚ ਲਿਆਉਣ ਦੀਆਂ ਕੋਸ਼ਿਸ਼ਾਂ ਦੇ ਬਾਵਜੂਦ ਉਸ ਨੂੰ ਬਚਾਇਆ ਨਹੀਂ ਜਾ ਸਕਿਆ ਤੇ ਉਸ ਨੂੰ ਮ੍ਰਿਤਕ ਐਲਾਨ ਦਿੱਤਾ ਗਿਆ।

ਪੁਲਿਸ ਨੇ ਆਖਿਆ ਕਿ ਮਾਮਲਾ ਸੰਵੇਦਨਸ਼ੀਲ ਹੋਣ ਕਾਰਨ ਉਨ੍ਹਾਂ ਵੱਲੋਂ ਉਦੋਂ ਤੱਕ ਕੋਈ ਹੋਰ ਬਿਆਨ ਜਾਰੀ ਨਹੀਂ ਕੀਤਾ ਜਾਵੇਗਾ ਜਦੋਂ ਤੱਕ ਇਸ ਸਬੰਧੀ ਹੋਰ ਜਾਣਕਾਰੀ ਨਹੀਂ ਮਿਲ ਜਾਂਦੀ। ਅਧਿਕਾਰੀਆਂ ਨੂੰ ਬੁੱਧਵਾਰ ਨੂੰ ਦੁਪਹਿਰੇ 3:10 ਦੇ ਨੇੜੇ ਤੇੜੇ ਵਿਲੀਅਮਜ਼ ਪਾਰਕਵੇਅ ਤੇ ਨੌਰਥ ਪਾਰਕ ਡਰਾਈਵ ਉੱਤੇ ਸੱਦਿਆ ਗਿਆ।

## ਬੱਸ ਵਿੱਚ ਪਟਾਕੇ ਚਲਾਉਣ ਵਾਲੀ 14 ਸਾਲਾ ਲੜਕੀ ਗ੍ਰਿਫਤਾਰ

ਸਕਾਰਬਰੋ, 31 ਮਈ (ਪੋਸਟ ਬਿਊਰੋ) : ਸਕਾਰਬਰੋ ਵਿੱਚ ਭਰੀ ਹੋਈ ਟੀਟੀਸੀ ਬੱਸ ਵਿੱਚ ਜਾਣਬੁੱਝ ਕੇ ਪਟਾਕੇ ਚਲਾਉਣ ਵਾਲੀ 14 ਸਾਲਾ ਲੜਕੀ ਨੂੰ ਗ੍ਰਿਫਤਾਰ ਕਰ ਲਿਆ ਗਿਆ ਹੈ ਤੇ ਉਸ ਉੱਤੇ ਚਾਰਜਿਜ਼ ਵੀ ਲਾਏ ਗਏ ਹਨ।



ਟੋਰਾਂਟੋ ਪੁਲਿਸ ਨੇ ਦੱਸਿਆ ਕਿ ਮਹਿਲਾ ਮਸ਼ਕੂਕ ਮੰਗਲਵਾਰ ਨੂੰ ਟੀਟੀਸੀ ਦੀ ਬੱਸ ਉੱਤੇ ਕਿੰਗਸਟਨ ਰੋਡ ਤੇ ਗਿਲਡਵੁੱਡ ਪਾਰਕਵੇਅ ਏਰੀਆ ਵਿੱਚ ਟਰੈਵਲ ਕਰ ਰਹੀ ਸੀ। ਇਹ ਵੀ ਦੋਸ਼ ਲਾਇਆ ਗਿਆ ਹੈ ਕਿ ਜਦੋਂ ਬੱਸ ਪੂਰੀ ਤਰ੍ਹਾਂ ਭਰੀ ਹੋਈ ਸੀ ਉਸ ਸਮੇਂ ਇਸ ਲੜਕੀ ਨੇ ਪਟਾਕੇ ਚਲਾਏ। ਇਸ ਘਟਨਾ ਵਿੱਚ ਕੋਈ ਜ਼ਖ਼ਮੀ ਨਹੀਂ ਹੋਇਆ। 14 ਸਾਲਾ ਇਸ ਲੜਕੀ ਨੂੰ ਬੁੱਧਵਾਰ ਨੂੰ ਗ੍ਰਿਫਤਾਰ ਕਰ ਲਿਆ ਗਿਆ ਤੇ ਉਸ ਉੱਤੇ ਲੋਕਾਂ ਦੀ ਜਾਨ ਖਤਰੇ ਵਿੱਚ ਪਾਉਣ ਲਈ ਸ਼ਰਾਰਤ ਕਰਨ ਸਬੰਧੀ ਚਾਰਜ ਲਾਏ ਗਏ ਹਨ। ਉਸ ਨੂੰ 14 ਜੁਲਾਈ, 2023 ਨੂੰ ਅਦਾਲਤ ਸਾਹ-ਮਣੇ ਪੇਸ਼ ਕੀਤਾ ਜਾਵੇਗਾ।

ਪ੍ਰੋਵਿੰਸ ਦੇ ਯੂਥ ਕ੍ਰਿਮੀਨਲ ਜਸਟਿਸ ਐਕਟ ਕਾਰਨ ਇਸ ਲੜਕੀ ਦੀ ਪਛਾਣ ਜ਼ਾਹਰ ਨਹੀਂ ਕੀਤੀ ਗਈ ਹੈ। ਇਸ ਘਟਨਾ ਦਾ ਵੀਡੀਓ ਸੋਸ਼ਲ ਮੀਡੀਆ ਉੱਤੇ ਕਾਫੀ ਵਾਇਰਲ ਹੋਇਆ ਤੇ ਜਿਸ ਤੋਂ ਬਾਅਦ ਟੀਟੀਸੀ ਵੱਲੋਂ ਇਸ ਦੀ ਜਾਂਚ ਸ਼ੁਰੂ ਕੀਤੀ ਗਈ।

## ਅੱਜ ਨਾਮਾ >>

ਭ੍ਰਿਸ਼ਟਾਚਾਰ ਦੀ ਰੁਕੀ ਨਹੀਂ ਅਜੇ ਚਰਚਾ,
ਆਉਂਦੇ ਉੱਭਰ ਕੇ ਕੇਸ ਆ ਨਿੱਤ ਮੀਆਂ।
ਹਫਤਾ ਸੁੱਕਾ ਨਹੀਂ ਜਾਵਣ ਦੀ ਗੱਲ ਮੀਆਂ,
ਲੰਘਦਾ ਖਾਲੀ ਨਹੀਂ ਵਾਰ ਜਾਂ ਥਿੱਤ ਮੀਆਂ।
ਮਿਲ ਕੇ ਖਾਂਦੇ, ਫਸਾਉਂਦੇ ਈ ਨਾਲ ਦੇ ਨੂੰ,
ਕੋਈ ਵੀਦਿਲੋਂ ਨਾ ਕਿਸੇ ਦਾ ਮਿੱਤ ਮੀਆਂ।
ਹਰ ਇੱਕ ਗੱਲ ਵਿੱਚ ਨਿਕਲਦੇ ਦੋ ਪਹਿਲੂ,
ਕਰਦਾ ਕੋਈ ਨਹੀਂ ਮੰਨਣ ਨੂੰ ਚਿੱਤ ਮੀਆਂ।
ਦੋਵੇਂ ਈ ਧਿਰਾਂ ਜਦ ਸੁਣੋ ਤਾਂ ਸੱਚ ਜਾਪਣ,
ਚਰਚਾ ਦੋਵਾਂ ਦੀ ਕਰਨ ਕਈ ਲੋਕ ਮੀਆਂ।
ਸੱਚਾ ਏ ਕੋਈ ਜਾਂ ਕੋਈ ਨਿਹਾਇਤ ਝੂਠਾ,
ਦਾਅਵਾ ਕਰਦਾ ਈ ਹਿੱਕ ਨੂੰ ਠੋਕ ਮੀਆਂ।

**ਤੀਸ ਮਾਰ ਖਾਂ**

# ਗੁਰਮੀਤ ਸਿੰਘ ਖੁੱਡੀਆਂ ਤੇ ਬਲਕਾਰ ਸਿੰਘ ਨੇ ਕੈਬਨਿਟ ਮੰਤਰੀਆਂ ਵਜੋਂ ਹਲਫ਼ ਲਿਆ

* ਮੁੱਖ ਮੰਤਰੀ ਨੇ ਦੋਵਾਂ ਨਵੇਂ ਮੰਤਰੀਆਂ ਨੂੰ ਦਿੱਤੀ ਵਧਾਈ * ਨਵ-ਨਿਯੁਕਤ ਮੰਤਰੀਆਂ ਵੱਲੋਂ ਮਿਸ਼ਨਰੀ ਉਤਸ਼ਾਹ ਨਾਲ ਲੋਕਾਂ ਦੀ ਸੇਵਾ ਕਰਨ ਦੀ ਉਮੀਦ ਜਤਾਈ

ਚੰਡੀਗੜ੍ਹ, 31 ਮਈ (ਪੋਸਟ ਬਿਊਰੋ): ਪੰਜਾਬ ਦੇ ਰਾਜਪਾਲ ਤੇ ਯੂ.ਟੀ. ਚੰਡੀਗੜ੍ਹ ਦੇ ਪ੍ਰਸ਼ਾਸਕ ਬਨਵਾਰੀ ਲਾਲ ਪੁਰੋਹਿਤ ਨੇ ਇੱਥੇ ਪੰਜਾਬ ਰਾਜ ਭਵਨ ਵਿੱਚ ਅੱਜ ਹੋਏ ਇਕ ਸੰਖੇਪ ਤੇ ਪ੍ਰਭਾਵਸ਼ਾਲੀ ਸਮਾਗਮ ਦੌਰਾਨ ਮੁੱਖ ਮੰਤਰੀ ਭਗਵੰਤ ਮਾਨ ਦੀ ਹਾਜ਼ਰੀ ਵਿੱਚ ਗੁਰਮੀਤ ਸਿੰਘ ਖੁੱਡੀਆਂ ਤੇ ਬਲਕਾਰ ਸਿੰਘ ਨੂੰ ਕੈਬਨਿਟ ਮੰਤਰੀ ਵਜੋਂ ਅਹੁਦੇ ਅਤੇ ਭੇਤ ਗੁਪਤ ਰੱਖਣ ਦੀ ਸਹੁੰ ਚੁਕਾਈ।



ਇਹ ਜਾਣਕਾਰੀ ਦਿੰਦਿਆਂ ਮੁੱਖ ਮੰਤਰੀ ਦਫ਼ਤਰ ਦੇ ਬੁਲਾਰੇ ਨੇ ਦੱਸਿਆ ਕਿ ਇਸ ਨਾਲ ਕੈਬਨਿਟ ਵਿੱਚ ਮੁੱਖ ਮੰਤਰੀ ਸਣੇ ਮੰਤਰੀਆਂ ਦੀ ਕੁੱਲ ਗਿਣਤੀ ਵਧ ਕੇ 16 ਹੋ ਗਈ ਹੈ।

ਸਹੁੰ ਚੁੱਕ ਸਮਾਗਮ ਦੀ ਸਮੁੱਚੀ ਕਾਰਵਾਈ ਰਾਜਪਾਲ ਦੀ ਪ੍ਰਵਾਨਗੀ ਨਾਲ ਮੁੱਖ ਸਕੱਤਰ ਵਿਜੈ ਕੁਮਾਰ ਜੰਜੂਆ ਨੇ ਚਲਾਈ। ਸਹੁੰ ਚੁੱਕਣ ਤੋਂ ਬਾਅਦ ਗੁਰਮੀਤ ਸਿੰਘ ਖੁੱਡੀਆਂ ਤੇ ਬਲਕਾਰ ਸਿੰਘ ਨੇ ਹਲਫ਼ ਵਾਲੇ ਦਸਤਾਵੇਜ਼ ਉੱਤੇ ਹਸਤਾਖ਼ਰ ਕੀਤੇ, ਜਿਸ ਉੱਤੇ ਰਾਜਪਾਲ ਨੇ ਵੀ ਦਸਤਖ਼ਤ ਕੀਤੇ।

ਇਸ ਦੌਰਾਨ ਮੁੱਖ ਮੰਤਰੀ ਨੇ ਦੋਵਾਂ ਨਵ-ਨਿਯੁਕਤ ਮੰਤਰੀਆਂ ਨੂੰ ਵਧਾਈ ਦਿੱਤੀ ਅਤੇ ਆਖਿਆ ਕਿ ਉਹ ਪਹਿਲਾਂ ਹੀ ਮਿਸ਼ਨਰੀ ਉਤਸ਼ਾਹ ਨਾਲ ਲੋਕਾਂ ਦੀ ਸੇਵਾ ਕਰ ਰਹੇ ਹਨ। ਮੁੱਖ ਮੰਤਰੀ ਨੇ ਉਮੀਦ ਜ਼ਾਹਰ ਕੀਤੀ ਕਿ ਨਵੇਂ ਬਣੇ ਮੰਤਰੀ ਇਸੇ ਉਤਸ਼ਾਹ ਤੇ ਭਾਵਨਾ ਨਾਲ ਲੋਕਾਂ ਦੀ ਸੇਵਾ ਜਾਰੀ ਰੱਖਣਗੇ।

REXDALE FINANCIAL SERVICES
WE HELP YOU START, GROW AND SUCCEED
We bring Canada's leading lenders to you
The Mortgage Centre
I direct mortgages Inc.
21 Roysun Rd, #6, Woodbridge, ON L4L 8R3
Ph: 905.652.3000 ext 467 | 905.652.300 ext 468
Each Mortgage center is independently owned and operated
Call now: 416.674.8035 | 416.674.7050 or Fax: 416.674.9009
ਮਿਲ ਰਹੇ ਘੱਟ ਵਿਆਜ ਦਰਾਂ ਦਾ ਫਾਇਦਾ ਚੱਕੋ ਅਤੇ ਹਜ਼ਾਰਾਂ ਹੀ ਡਾਲਰ ਬਚਾਓ!
• DEBT CONSOLIDATION • HOME EQUITY
• LOANS • HOME RENOVATION
• WANT TO GET OUT OF CREDIT CARD DEBT
ਜਿਆਦਾ ਕਰਜਾ ਦੇ ਕੇ ਥੱਕ ਚੁੱਕੇ ਹੋ? ਆਪਣਾ ਕਰਜਾਂ ਚੁਕਾਓ!!!
ਬੈਂਕ ਨੇ ਕਰ ਦਿੱਤੀ 'ਨਾਂਹ', ਅਸੀਂ ਕਰਾਂਗੇ 'ਹਾਂ'
MORTGAGES SUITABLE FOR EVERY NEED!
1st & 2nd Mortgage Available
ALL IN ONE LOW MONTHLY PAYMENT!
Increase Your Cash Flow by up to 50%
YOU NEED A MORTGAGE? WE'LL ARANGE IT FOR YOU NO MATTER WHAT YOUR REASON IS!
Self Employed or Unemployed
Each Mortgage Centre is independently owned and operated
19 Woodbine Downs Blvd, #201, Etobicoke, ON M9W 6N5
Jaspal Singh Gahunia #M08006400
416.677.0047

TAX & ACCOUNTING
TAX | HST REBATE | ADVISORY |
ACCOUNTING | INCORPORATION |
BUSINESS LOAN | PERSONAL TAX
Harcharan S. Grover
Chartered Accountant
ਸਾਨੂੰ ਕਾਲ ਕਰੋ ਤੇ ਆਪਣਾ ਟੈਕਸ ਬਚਾਓ
Call for Professional Advice
905.247.0193
info@grovercpa.ca
GroverCPA Professional Corporation
214-7895 Tranmere Drive, Mississauga ON L5S 1V9

NATURAL HEALTH SOLUTIONS
Over 20 years Homeopathic/Holistic ways case solving experience
HOMEOPATHY / HOLISTIC ਵਿਧੀ ਰਾਹੀਂ ਬਿਮਾਰੀਆਂ ਦਾ ਇਲਾਜ ਕਰਨ ਦਾ 20 ਸਾਲ ਤੋਂ ਵੱਧ ਦਾ ਤਜੁਰਬਾ ।
ABDOMINAL, METABOLIC, SKIN ਅਤੇ ਬੱਚਿਆਂ ਨਾਲ ਸੰਬੰਧਿਤ ਬਿਮਾਰੀਆਂ ਜਿਵੇਂ ਕੇ ਭੁੱਖ ਨਾ ਲੱਗਣਾ ਅਤੇ PSYCOLOGICAL ਸੱਮਸਿਆਵਾਂ ਨੂੰ ਠੀਕ ਕਰਨ ਦਾ ਤਜੁਰਬਾ ।
ਜੇਕਰ ਕਿਤੋਂ ਹੋਰ ਇਲਾਜ ਨਹੀਂ ਹੋਇਆ ਤਾਂ ਸਾਡੇ ਨਾਲ ਸੰਪਰਕ ਕਰੋ –
ਤੁਹਾਡੀ ਭਾਸ਼ਾ ਬੋਲਦੇ – Hindi, Punjabi & English
ASHFAQ AHMAD (M.Sc.)
- Registered Ontario Homeopath
- Holistic Nutritionist
- Certified Herbalist
Phone: 647-779-5904
Address: 8 Camperdown Ave, Etobicoke.
Clinic hours: all appointment basis for client convenience

SherGill Law Firm
Barrister, Solicitor & Notary Public
Services:
* Real Estate
* Residential, Commercial & Franchise
* Criminal Law
* Family Law
* Affidavit, Power Of Attorney & Notarization
* Immigration Matters
Paramjit Singh Gill (MBA,LL.B.)
Tel: 905-790-3636
2565 Steeles Ave E Unit #20, Brampton, ON L6T 4L6
Emergency Contact: 416.910.5676
www.shergilllawfirm.ca

ਬਰਾੜ ਗਰਾਜ ਡੋਰ
ਅਸੀਂ ਰੀਪੇਅਰ ਕਰਦੇ ਹਾਂ :
BROKEN SPRINGS
CABLES & ROLLERS
GARAGE DOOR OPENERS
We Install Garage Door Openers
ਸੰਪਰਕ ਕਰੋ: (416) 357-4082, ਈਮੇਲ ਕਰੋ: brargaragedoors@gmail.com

ਆਓ ਸੱਤ ਸਮੁੰਦਰੋਂ ਪਾਰ ਵਾਲਿਆਂ ਦਾ ਵੀ ਸੋਚੀਏ
Super Visa
■ How your spouse can join you within 4-6 months
■ How your parents can join you
■ How students & skilled people can come to Canada
■ How international Students & Foreign workers can get their immigration
We do appeal for Refusal cases also
Sponsor Your Family
MacroGlobal Immigration Services Ltd.
Seema Bhayana
ICCRC
Ph: 905 452 0000, 905 452 9999
180 Wilkinson Road, Unit 18 Brampton, ON L6T 4M3
Fax: 905 452 9996 Email: macroglobal@rogers.com
www.macroimmigration.com

ukttc UK TRUCK TRAINING CENTRE
PCC #179958
Registered as a Private Careers College
ਹੁਣ ਕੈਮਬ੍ਰਿਜ ਵਿੱਚ ਨਵੀਂ ਲੋਕੇਸ਼ਨ ਖੁੱਲ ਗਈ ਹੈ!!!
225 Sheldon Dr #18, Cambridge
→ Automatic & Manual Trucks
1 on 1 Training
Air Brake Classes
Sat & Sun 8.00am to 4.00pm
Wed & Thu 4.00pm to 11.00pm
ਜਲਦੀ ਰੋਡ ਟੈਸਟ ਬੁਕਿੰਗ
→ Forklift Training
Forklift $79 Recertification
Counterbalance
Reach Truck
ਬਾਰ-ਬਾਰ ਫੇਲ੍ਹ ਹੋਣ ਤੋਂ ਬਚਣ ਲਈ ਤਜ਼ਰਬੇਕਾਰ ਇੰਸਟ੍ਰਕਟਰ ਤੋਂ ਟ੍ਰੇਨਿੰਗ ਪ੍ਰਾਪਤ ਕਰੋ।
We help in Written Test & in Finding Jobs
20 ਸਾਲਾਂ ਦਾ ਤਜ਼ਰਬਾ | 7 ਦਿਨ ਖੁੱਲਾ | ਗੇਅਰਾਂ ਵਾਲੇ ਟਰੱਕਾ ਦੀ ਸਪੈਸ਼ਲ ਟ੍ਰੇਨਿੰਗ
7542 Bath Rd, Mississauga, ON L4T 1L2, Off:905.673.7979
OPEN 7 DAYS uktruck1@gmail.com
Jitpal Singh Deol 647-204-1936

# ਕੇਵਲ 'ਬੇਟੀ' ਹੀ ਨਹੀਂ, 'ਬੇਟੀ' ਦੀ ਇੱਜ਼ਤ ਵੀ ਬਚਾਓ : ਪਾਸ਼ ਯਾਦਗਾਰੀ ਕੌਮਾਂਤਰੀ ਟ੍ਰਸਟ

–ਡਾ. ਸੁਰਿੰਦਰ ਧੰਜਲ–



ਪਿਛਲੇ ਕੁੱਝ ਸਮੇਂ ਤੋਂ ਜਿਨ੍ਹਾਂ ਦੋ ਮਸਲਿਆਂ ਨੇ ਸੰਸਾਰ ਭਰ ਦੇ ਭਾਰਤੀ ਭਾਈਚਾਰੇ ਦਾ ਧਿਆਨ ਮੱਲਿਆ ਹੋਇਆ ਹੈ, ਉਨ੍ਹਾਂ ਵਿਚੋਂ ਪਹਿਲਾ ਮਸਲਾ ਹੈ– ਭਾਰਤੀ ਪਹਿਲਵਾਨ ਲੜਕੀਆਂ ਦੇ ਸਰੀਰਕ ਸ਼ੋਸ਼ਣ ਦਾ ਮਸਲਾ। ਕਈ ਮਹੀਨਿਆਂ ਤੋਂ ਜਿਣਸੀ–ਸ਼ੋਸ਼ਣ ਪੀੜਤ ਲੜਕੀਆਂ ਨੇ ਦਿੱਲੀ ਜੰਤਰ–ਮੰਤਰ ਵਿਚ ਨਿਰੰਤਰ ਧਰਨੇ ਦੇ ਘੋ਼ਲ ਰਾਹੀਂ ਭਾਰਤੀ ਕੁਸ਼ਤੀ ਫ਼ੈਡਰੇਸ਼ਨ ਦੇ ਪ੍ਰਮੁੱਖ ਦੋਸ਼ੀ ਕਰਮਚਾਰੀਆਂ ਦੀ ਗ੍ਰਿਫ਼ਤਾਰੀ ਅਤੇ ਬਰਖ਼ਾਸਤਗੀ ਦੀ ਮੰਗ ਕੀਤੀ ਹੈ। ਪਾਸ਼ ਯਾਦਗਾਰੀ ਕੌਮਾਂਤਰੀ ਟ੍ਰਸਟ ਮਹਿਸੂਸ ਕਰਦਾ ਹੈ ਕਿ ਇਨ੍ਹਾਂ ਪਹਿਲਵਾਨ ਲੜਕੀਆਂ ਨੇ ਆਪਣੀ ਕੁਸ਼ਤੀ–ਕੌਸ਼ਲਤਾ ਨਾਲ ਅਨੇਕਾਂ ਤਗ਼ਮੇ ਜਿੱਤ ਕੇ, ਕੌਮਾਂਤਰੀ ਪੱਧਰ 'ਤੇ ਭਾਰਤ ਦਾ ਨਾਮ ਰੌਸ਼ਨ ਕੀਤਾ ਹੈ।

ਇਨ੍ਹਾਂ ਲੜਕੀਆਂ ਨਾਲ ਸ਼ੋਸ਼ਣ ਕਰਨ ਵਾ਼ਲੇ ਵਿਅਕਤੀਆਂ ਨੂੰ ਜੇ ਤੁਰੰਤ ਸਖ਼ਤ ਸਜ਼ਾਵਾਂ ਨਹੀਂ ਦਿੱਤੀਆਂ ਜਾਂਦੀਆਂ, ਤਾਂ ਕੋਈ ਵੀ ਧੀ ਭੈਣ ਕਿਸੇ ਵੀ ਕੌਮਾਂਤਰੀ ਖੇਡ ਮੁਕਾਬਲੇ 'ਚ ਸ਼ਮੂਲੀਅਤ ਤੋਂ ਪਹਿਲਾਂ ਹਜ਼ਾਰ ਵਾਰ ਸੋਚਿਆ ਕਰੇਗੀ। ਅਸੀਂ ਇਨ੍ਹਾਂ ਪਹਿਲਵਾਨ ਲੜਕੀਆਂ ਦੇ ਹੱਕੀ ਘੋ਼ਲ ਦੀ ਡਟਵੀਂ ਹਮਾਇਤ ਕਰਦੇ ਹਾਂ। ਦੂਜਾ ਮਸਲਾ ਦੇਸ਼ ਦੇ ਚੋਟੀ ਦੇ ਬੁੱਧੀਜੀਵੀਆਂ ਦੀ ਸੱਚ–ਬਿਆਨੀ ਦਾ ਗ਼ਲਾ ਘੁੱਟਣ ਨਾ਼ਲ ਸਬੰਧਿਤ ਹੈ।

ਦੇਸ਼ ਭਰ ਦੇ ਅਨੇਕਾਂ ਲੇਖਕ, ਕਲਾਕ–ਾਰ, ਜਮਹੂਰੀ ਹੱਕਾਂ ਦੇ ਕਾਰਕੁੰਨ, ਪੱਤਰਕਾਰ, ਬੁੱਧੀਜੀਵੀ ਜੇਲ੍ਹਾਂ ਵਿਚ ਡੱਕੇ ਹੋਏ ਹਨ। ਕੇਂਦਰ ਸਰਕਾਰ ਦੀ, ਜਮਹੂਰੀਅਤ ਦੀ ਆਵਾਜ਼ ਬੁਲੰਦ ਕਰਨ ਵਾ਼ਲੇ ਕਾਰਕੁੰਨਾਂ ਨੂੰ ਡਰਾਉਣ, ਧਮਕਾਉਣ ਅਤੇ ਪਰੇਸ਼ਾਨ ਕਰਨ ਦੀ ਦਹਿਸ਼ਤ–ਪਸੰਦ ਨੀਤੀ ਦੀ ਏਸੇ ਕੜੀ ਅਧੀਨ, ਜਮਹੂਰੀ ਹੱਕਾਂ ਦੀ ਉੱਘੀ ਕਾਰਕੁੰਨ ਡਾ: ਨਵਸ਼ਰਨ ਨੂੰ ਈ ਡੀ ਦਵਾਰਾ ਆਪਣੇ ਦਫ਼ਤਰ 'ਚ ਬੁਲਾ ਕੇ ਅੱਠ ਘੰਟੇ ਪੁੱਛ–ਗਿੱਛ ਰਾਹੀਂ ਪਰੇਸ਼ਾਨ ਕੀਤਾ ਗਿਆ। ਡਾ: ਨਵਸ਼ਰਨ ਹਰ ਲੋਕ–ਪੱਖੀ ਸੰਘਰਸ਼ ਦੀ ਨਿਧੜਕ ਹਮਾਇਤਣ ਦੇ ਤੌਰ 'ਤੇ ਵਿਸ਼ਵ ਦੇ ਭਾਰਤੀ ਭਾਈਚਾਰੇ ਵਿਚ ਆਪਣਾ ਵਿਸ਼ੇਸ਼ ਮੁਕਾਮ ਹਾਸਿਲ ਕਰ ਚੁੱਕੀ ਹੈ। ਡਾ: ਨਵਸ਼ਰਨ, ਪਾਸ਼ ਯਾਦਗਾਰੀ ਕੌਮਾਂਤਰੀ ਟ੍ਰਸਟ ਦੇ ਮੋਢੀ ਮੈਂਬਰ ਭਾਅ ਜੀ ਗੁਰਸ਼ਰਨ ਸਿੰਘ ਦੀ ਸੋਚ ਦਾ ਪਰਚਮ ਹੱਥਾਂ ਵਿੱਚ ਲੈ ਕੇ ਆਪਣੀ ਬੁਲੰਦ ਆਵਾਜ਼ ਵਿੱਚ ਹਰ ਸਟੇਜ ਤੋਂ ਐਲਾਨ ਕਰਦੀ ਹੈ ਕਿ 'ਇਹ ਲੜਾਈ ਉਦੋਂ ਤੱਕ ਜਾਰੀ ਰਹੇਗੀ ਜਦੋਂ ਤੱਕ ਮਨੁੱਖ ਹੱਥੋਂ ਮਨੁੱਖ ਦੀ ਲੁੱਟ ਖਸੁੱਟ–ਖ਼ਤਮ ਨਹੀਂ ਹੁੰਦੀ।'

ਪਾਸ਼ ਯਾਦਗਾਰੀ ਕੌਮਾਂਤਰੀ ਟ੍ਰਸਟ, ਕੇਂਦਰ ਸਰਕਾਰ ਦੀ ਇਸ ਡਰਾਊ, ਧਮਕਾਊ ਤੇ ਯਰਕਾਊ ਨੀਤੀ ਦਾ ਡਟਵਾਂ ਵਿਰੋਧ ਕਰਦਾ ਹੋਇਆ ਬੁੱਧੀਜੀਵੀਆਂ ਦੀ ਜ਼ੁਬਾਨ–ਬੰਦੀ ਖਿਲਾਫ਼ ਕੋਝੀਆਂ ਸਰਗਰਮੀਆਂ ਦੇ ਵਿਰੋਧ ਵਿਚ ਆਪਣੀ ਆਵਾਜ਼ ਬੁਲੰਦ ਕਰਦਾ ਹੈ। ਅਸੀਂ ਸਮੂਹ ਬੁੱਧੀਜੀਵੀਆਂ ਨੂੰ ਆਪਣੇ ਆਪਣੇ ਪੱਧਰ 'ਤੇ, ਕੇਂਦਰ ਸਰਕਾਰ ਦੀ ਇਸ ਕਰਤੂਤ ਨੂੰ ਬੁੱਧੀਜੀਵੀ ਵਰਗ 'ਤੇ ਵੱਡੇ ਹਮਲੇ ਦੇ ਸੰਕੇਤ ਦੀ ਚੁਣੌਤੀ ਵਜੋਂ ਕਬੂਲਣ ਲਈ ਕਮਰਕੱਸਾ ਕੱਸਣ ਦੀ ਅਪੀਲ ਕਰਦੇ ਹਾਂ। ਪਾਸ਼ ਦੀ ਪ੍ਰਸਿੱਧ ਕਵਿਤਾ 'ਮੇਰੇ ਦੇਸ਼' (ਉੱਡਦੇ ਬਾਜ਼ਾਂ ਮਗਰ) ਦੇ ਹਵਾਲੇ ਨਾ਼ਲ ਅਸੀਂ ਦੇਸ਼ ਦੀਆਂ 'ਸਾਊ ਧੀਆਂ' ਨੂੰ 'ਬੇਸ਼ਰਮ ਵੈਲੀਆਂ' ਦੇ ਪੈਰਾਂ ਹੇਠ ਨਹੀਂ ਰੁਲਣ ਨਹੀਂ ਦੇ ਸਕਦੇ, ਅਤੇ ਨਾ ਹੀ ਦੇਸ਼ ਦੀ ਬਚੀ–ਖੁਚੀ 'ਜਮਹੂਰੀਅਤ' ਨੂੰ ਹੁਕਮਰਾਨਾਂ ਦੇ ਅੱਤਿਆਚਾਰਾਂ ਦੇ ਜੁਬਾੜ੍ਹਿਆਂ 'ਚ ਨਪੀੜਨ ਦੀ ਇਜਾਜ਼ਤ ਦੇ ਸਕਦੇ ਹਾਂ। 'ਬੇਟੀ ਬਚਾਓ' ਦੇ ਹੋਕੇ ਦੇਣ ਵਾਲਿਓ! 'ਬੇਟੀਆਂ' ਦੀ ਇੱਜ਼ਤ, ਮਾਨ–ਸਨਮਾਨ ਵੀ ਬਚਾਓ!!

# 'ਦੋ ਕਰੋੜ' ਰਿਸ਼ਵਤ ਕਾਂਡ ਮਾਮਲੇ ਵਿਚ ਚੰਨੀ ਬਾਰੇ ਸਨਸਨੀਖ਼ੇਜ਼ ਖੁਲਾਸੇ, ਪੀੜਤ ਖਿਡਾਰੀ ਆਇਆ ਸਾਹਮਣੇ

## * ਮੁੱਖ ਮੰਤਰੀ ਨੇ ਚੰਨੀ ਦੇ ਭਤੀਜੇ ਦੇ ਘਟੀਆ ਕਾਰਨਾਮਿਆਂ ਦਾ ਕੀਤਾ ਪਰਦਾਫਾਸ਼ * ਪ੍ਰਤਿਭਾਵਾਨ ਕ੍ਰਿਕਟ ਖਿਡਾਰੀ ਜਸਇੰਦਰ ਸਿੰਘ ਨੂੰ ਲੋਕਾਂ ਸਾਹਮਣੇ ਪੇਸ਼ ਕੀਤਾ

ਚੰਡੀਗੜ੍ਹ, 31 ਮਈ (ਪੋਸਟ ਬਿਊਰੋ): ਨੌਕਰੀ ਬਦਲੇ ਪੈਸੇ ਮੰਗਣ ਲਈ ਸਾਬਕਾ ਮੁੱਖ ਮੰਤਰੀ ਚਰਨਜੀਤ ਸਿੰਘ ਚੰਨੀ ਦੇ ਰਿਸ਼ਤੇਦਾਰਾਂ ਦਾ ਪਰਦਾਫਾਸ਼ ਕਰਦੇ ਹੋਏ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਨੇ ਅੱਜ ਕ੍ਰਿਕਟ ਖਿਡਾਰੀ ਜਸਇੰਦਰ ਸਿੰਘ ਨੂੰ ਲੋਕਾਂ ਸਾਹਮਣੇ ਪੇਸ਼ ਕੀਤਾ ਜਿਸ ਪਾਸੋਂ ਨੌਕਰੀ ਦੇਣ ਬਦਲੇ ਰਿਸ਼ਵਤ ਮੰਗੀ ਗਈ ਸੀ। ਇਸ ਦੌਰਾਨ ਮੁੱਖ ਮੰਤਰੀ ਨੇ ਮੀਡੀਆ ਸਾਹਮਣੇ ਇਸ ਕੇਸ ਨਾਲ ਜੁੜੇ ਤੱਥ ਵੀ ਪੇਸ਼ ਕੀਤੇ।

ਇੱਥੇ ਪੰਜਾਬ ਭਵਨ ਵਿਖੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਮੁੱਖ ਮੰਤਰੀ ਨੇ ਸਾਬਕਾ ਮੁੱਖ ਮੰਤਰੀ ਦੇ ਭਤੀਜੇ ਜਸ਼ਨ ਨੇ ਜਸਇੰਦਰ ਵੱਲੋਂ ਪੰਜਾਬ ਲੋਕ ਸੇਵਾ ਕਮਿਸ਼ਨ (ਪੀ.ਪੀ.ਐਸੀ.) ਦਾ ਟੈਸਟ ਕਲੀਅਰ ਕਰਨ ਦੇ ਇਵਜ਼ ਵਿਚ ਨੌਕਰੀ ਦੇਣ ਲਈ ਉਸ ਪਾਸੋਂ 2 ਕਰੋੜ ਰੁਪਏ ਰਿਸ਼ਵਤ ਮੰਗੀ ਸੀ। ਉਨ੍ਹਾਂ ਕਿਹਾ ਕਿ ਚਰਨਜੀਤ ਸਿੰਘ ਚੰਨੀ ਦੇ ਕਾਰਜਕਾਲ ਦੌਰਾਨ ਸ਼ਰੇਆਮ ਨੌਕਰੀਆਂ ਵਿਕਦੀਆਂ ਸਨ ਜਿਸ ਨਾਲ ਇਸ ਪ੍ਰਤਿਭਾਵਾਨ ਖਿਡਾਰੀ ਦਾ ਸ਼ਾਨਦਾਰ ਖੇਡ ਜੀਵਨ ਤਬਾਹ ਹੋ ਗਿਆ। ਭਗਵੰਤ ਮਾਨ ਨੇ ਕਿਹਾ ਕਿ ਜਸਇੰਦਰ ਤੇ ਉਨ੍ਹਾਂ ਦੇ ਪਿਤਾ ਨੇ ਸਾਬਕਾ ਸਿਹਤ ਮੰਤਰੀ ਬਲਬੀਰ ਸਿੰਘ ਸਿੱਧੂ ਦੀ ਮੌਜੂਦਗੀ ਵਿਚ ਇਕ ਸਮਾਗਮ ਦੌਰਾਨ ਸਾਬਕਾ ਮੁੱਖ ਮੰਤਰੀ ਨਾਲ ਮੁਲਾਕਾਤ ਕੀਤੀ ਸੀ। ਮੁੱਖ ਮੰਤਰੀ ਨੇ ਕਿਹਾ ਕਿ ਸਾਬਕਾ ਮੁੱਖ ਮੰਤਰੀ ਦੇ ਤਤਕਾਲੀ ਪ੍ਰਮੁੱਖ ਸਕੱਤਰ ਹੁਸਨ ਲਾਲ ਨੇ ਉਨ੍ਹਾਂ (ਸਾਬਕਾ ਮੁੱਖ ਮੰਤਰੀ) ਨੂੰ ਸਮੁੱਚੇ ਕੇਸ ਬਾਰੇ ਜਾਣੂੰ ਕਰਵਾਇਆ ਸੀ। ਉਨ੍ਹਾਂ ਕਿਹਾ ਕਿ ਚੰਨੀ ਨੇ ਇਹ ਕੇਸ ਪ੍ਰਵਾਨਗੀ ਲਈ ਮੰਤਰੀ ਮੰਡਲ ਦੀ ਮੀਟਿੰਗ ਵਿਚ ਲਿਆਉਣ ਲਈ ਸਹਿਮਤੀ ਦਿੱਤੀ ਸੀ ਪਰ ਜਸਇੰਦਰ ਨੂੰ ਜਸ਼ਨ ਨੂੰ ਜਾ ਕੇ ਮਿਲਣ ਲਈ ਆਖਿਆ ਸੀ। ਭਗਵੰਤ ਮਾਨ ਨੇ ਕਿਹਾ ਕਿ ਜਦੋਂ ਜਸਇੰਦਰ ਤੇ ਉਸ ਦੇ ਪਿਤਾ ਚੰਨੀ ਦੇ ਭਤੀਜੇ ਨੂੰ ਮਿਲੇ ਤਾਂ ਉਸ ਨੇ ਨੌਕਰੀ ਲਈ 2 ਕਰੋੜ ਰੁਪਏ ਦੇਣ ਦੀ ਮੰਗ ਕੀਤੀ।

ਮੁੱਖ ਮੰਤਰੀ ਨੇ ਕਿਹਾ ਕਿ ਜਦੋਂ ਉਨ੍ਹਾਂ ਨੇ ਪੈਸੇ ਦੇਣ ਤੋਂ ਅਸਮਰੱਥਾ ਪ੍ਰਗਟਾਈ ਤਾਂ ਨੌਕਰੀ ਨਹੀਂ ਦਿੱਤੀ ਗਈ। ਉਨ੍ਹਾਂ ਕਿਹਾ ਕਿ ਸਾਬਕਾ ਮੁੱਖ ਮੰਤਰੀ ਨੇ ਇਕ ਸਮਾਗਮ ਦੌਰਾਨ ਜਸਇੰਦਰ ਅਤੇ ਉਸ ਦੇ ਪਿਤਾ ਦੀ ਜਨਤਕ ਤੌਰ 'ਤੇ ਝਾੜ–ਝੰਬ ਕੀਤੀ ਸੀ। ਭਗਵੰਤ ਮਾਨ ਨੇ ਕਿਹਾ ਕਿ ਸਾਬਕਾ ਮੁੱਖ ਮੰਤਰੀ ਦੇ ਇਸ ਰਵੱਈਏ ਕਾਰਨ ਜਸਇੰਦਰ ਨੂੰ ਨੌਕਰੀ ਨਹੀਂ ਮਿਲ ਸਕੀ।

ਮੁੱਖ ਮੰਤਰੀ ਨੇ ਕਿਹਾ ਕਿ ਸੂਬਾ ਸਰਕਾਰ ਨਿਰਧਾਰਤ ਮਾਪਦੰਡਾਂ ਅਨੁਸਾਰ ਜਸਇੰਦਰ ਨੂੰ ਨੌਕਰੀ ਦੇਵੇਗੀ। ਉਨ੍ਹਾਂ ਇਹ ਵੀ ਕਿਹਾ ਕਿ ਜਿਨ੍ਹਾਂ ਲੋਕਾਂ ਨੇ ਅਜਿਹੇ ਗਲਤ ਕੰਮਾਂ ਰਾਹੀਂ ਸੂਬੇ ਦੀ ਜਵਾਨੀ ਨੂੰ ਬਰਬਾਦ ਕੀਤਾ ਹੈ, ਉਨ੍ਹਾਂ ਖ਼ਿਲਾਫ਼ ਕਾਨੂੰਨੀ ਕਾਰਵਾਈ ਕੀਤੀ ਜਾਵੇਗੀ। ਭਗਵੰਤ ਮਾਨ ਨੇ ਕਿਹਾ ਕਿ ਜਿਹੜੇ ਵੀ ਵਿਅਕਤੀ ਨੇ ਸੂਬੇ ਅਤੇ ਇਸ ਦੀ ਜਵਾਨੀ ਵਿਰੁੱਧ ਘਿਨਾਉਣੀਆਂ ਹਰਕਤਾਂ ਕੀਤੀਆਂ, ਉਸ ਨੂੰ ਹਰਗਿਜ਼ ਬਖ਼ਸ਼ਿਆ ਨਹੀਂ ਜਾਵੇਗਾ।



ਸਾਬਕਾ ਮੁੱਖ ਮੰਤਰੀ ਵੱਲੋਂ ਸ੍ਰੀ ਚਮਕੌਰ ਸਾਹਿਬ ਦੀ ਪਵਿੱਤਰ ਧਰਤੀ 'ਤੇ ਇਸ ਕੇਸ ਬਾਰੇ ਕੋਈ ਇਲਮ ਨਾ ਹੋਣ ਦੀ ਸਹੁੰ ਚੁੱਕਣ ਦੇ ਕੀਤੇ ਖੇਖਣ 'ਤੇ ਵਿਅੰਗ ਕਰਦਿਆਂ ਮੁੱਖ ਮੰਤਰੀ ਨੇ ਉਨ੍ਹਾਂ ਨੂੰ ਕੋਈ ਵੀ ਬਿਆਨ ਦੇਣ ਤੋਂ ਪਹਿਲਾਂ ਆਪਣੇ ਜ਼ਮੀਰ ਅੰਦਰ ਝਾਤੀ ਮਾਰਨ ਲਈ ਕਿਹਾ। ਉਨ੍ਹਾਂ ਕਿਹਾ ਕਿ ਬਿਨਾਂ ਸ਼ੱਕ ਸਾਬਕਾ ਮੁੱਖ ਮੰਤਰੀ ਦੇ ਪਰਿਵਾਰ ਦੇ ਮਾੜੇ ਕਾਰਨਾਮਿਆਂ ਕਾਰਨ ਪੂਰਾ ਪੰਜਾਬ ਅਤੇ ਖਾਸ ਕਰਕੇ ਖੇਡ ਖੇਤਰ ਨੂੰ ਸ਼ਰਮਸਾਰ ਹੋਣਾ ਪਿਆ। ਭਗਵੰਤ ਮਾਨ ਨੇ ਕਿਹਾ ਕਿ ਜਸਇੰਦਰ, ਜੋ ਕਿ ਰਣਜੀ ਟਰਾਫੀ ਦਾ ਸਾਬਕਾ ਖਿਡਾਰੀ ਹੈ ਅਤੇ ਕਈ ਨਾਮੀਂ ਟੂਰਨਾਮੈਂਟਾਂ ਵਿੱਚ ਖੇਡ ਚੁੱਕਾ ਹੈ, ਨੇ ਖੇਡ ਕੋਟੇ ਤਹਿਤ ਪੀ.ਪੀ.ਐਸੀ. ਰਾਹੀਂ ਨੌਕਰੀ ਲਈ ਅਰਜ਼ੀ ਦਿੱਤੀ ਸੀ।

ਮੁੱਖ ਮੰਤਰੀ ਨੇ ਕਿਹਾ ਕਿ ਜਸਇੰਦਰ ਜਿਸ ਨੂੰ ਖੇਡ ਵਿਭਾਗ ਵੱਲੋਂ ਬੀ ਗਰੇ–ਡਿੰਗ ਦਿੱਤੀ ਗਈ ਸੀ, ਨੇ ਖੇਡ ਵਰਗ ਦੇ ਕਟਆਫ਼ ਦੇ ਮੁਕਾਬਲੇ 198.5 ਅੰਕ ਪ੍ਰਾਪਤ ਕੀਤੇ ਜਦਕਿ ਖੇਡ ਕੈਟਾਗਰੀ ਦੇ 132.5 ਅੰਕ ਸਨ। ਉਨ੍ਹਾਂ ਕਿਹਾ ਕਿ ਜਸਇੰਦਰ ਨੂੰ ਜਨਰਲ ਕੈਟਾਗਰੀ ਵਿੱਚ ਵਿਚਾਰਿਆ ਗਿਆ ਸੀ ਜਦੋਂਕਿ ਉਸ ਨੇ ਅਪਲਾਈ ਖੇਡ ਕੋਟੇ ਤਹਿਤ ਕੀਤਾ ਸੀ। ਭਗਵੰਤ ਮਾਨ ਨੇ ਕਿਹਾ ਕਿ ਨਿਰਾਸ਼ ਜਸਇੰਦਰ ਨੇ ਉਸ ਸਮੇਂ ਦੇ ਮੁੱਖ ਮੰਤਰੀ ਕੈਪਟਨ ਅਮਰਿੰਦਰ ਸਿੰਘ ਨਾਲ ਮੁਲਾਕਾਤ ਕੀਤੀ ਸੀ ਜਿਨ੍ਹਾਂ ਦੇ ਓ.ਐਡੀ. ਐਮ.ਪੀ. ਸਿੰਘ ਨੇ ਉਨ੍ਹਾਂ ਨੂੰ ਸਾਰਾ ਕੇਸ ਪੜ੍ਹ ਕੇ ਸੁਣਾਇਆ ਸੀ।

ਮੁੱਖ ਮੰਤਰੀ ਨੇ ਕਿਹਾ ਕਿ ਕੈਪਟਨ ਨੇ ਸਬੰਧਤ ਅਧਿਕਾਰੀਆਂ ਨੂੰ ਮਾਮਲੇ ਦੀ ਘੋਖ ਕਰਕੇ ਪ੍ਰਵਾਨਗੀ ਲਈ ਮੰਤਰੀ ਮੰਡਲ ਅੱਗੇ ਰੱਖਣ ਲਈ ਕਿਹਾ ਸੀ। ਭਗਵੰਤ ਮਾਨ ਨੇ ਕਿਹਾ ਕਿ ਇਸ ਤੋਂ ਪਹਿਲਾਂ ਕੈਪਟਨ ਨੂੰ ਅਹੁਦੇ ਤੋਂ ਲਾਹ ਕੇ ਚੰਨੀ ਨੂੰ ਮੁੱਖ ਮੰਤਰੀ ਬਣਾਇਆ ਗਿਆ ਸੀ। ਭਗਵੰਤ ਮਾਨ ਨੇ ਕਿਹਾ ਕਿ ਚੰਨੀ ਵੱਲੋਂ ਅਹੁਦਾ ਸੰਭਾਲਣ ਤੋਂ ਬਾਅਦ ਹੀ ਨੌਕਰੀ ਬਦਲੇ ਪੈਸੇ ਦੀ ਘਟੀਆ ਖੇਡ ਸ਼ੁਰੂ ਹੋ ਗਈ।

ਮੁੱਖ ਮੰਤਰੀ ਨੇ ਪ੍ਰਣ ਕੀਤਾ ਕਿ ਉਹ ਆਪਣੇ ਕਾਰਜਕਾਲ ਦੌਰਾਨ ਕਿਸੇ ਵੀ ਕਿਸਮ ਦੇ ਮਾਫੀਆ ਨੂੰ ਸਿਰ ਨਹੀਂ ਚੁੱਕਣ ਦੇਣਗੇ। ਉਨ੍ਹਾਂ ਕਿਹਾ ਕਿ ਲੋਕਾਂ ਅਤੇ ਸੂਬੇ ਦੀ ਦੌਲਤ ਲੁੱਟਣ ਵਾਲਿਆਂ ਖ਼ਿਲਾਫ਼ ਸਖ਼ਤ ਤੋਂ ਸਖ਼ਤ ਕਾਰਵਾਈ ਕੀਤੀ ਜਾਵੇਗੀ। ਭਗਵੰਤ ਮਾਨ ਨੇ ਸੂਬੇ ਦੇ ਲੋਕਾਂ ਨੂੰ ਭਰੋਸਾ ਦਿਵਾਇਆ ਕਿ ਭ੍ਰਿਸ਼ਟਾਚਾਰ ਵਿੱਚ ਡੁੱਬੇ ਲੋਕਾਂ ਨੂੰ ਉਨ੍ਹਾਂ ਦੇ ਗੁਨਾਹਾਂ ਲਈ ਜਵਾਬਦੇਹ ਬਣਾਇਆ ਜਾਵੇਗਾ।

ਮੁੱਖ ਮੰਤਰੀ ਨੇ ਕਿਹਾ ਕਿ ਜਸਇੰਦਰ ਜੋ ਕਿ ਇਸ ਸਮੇਂ ਕਿੰਗਜ਼ ਇਲੈਵਨ ਕ੍ਰਿਕਟ ਟੀਮ ਵੱਲੋਂ ਖੇਡ ਰਿਹਾ ਹੈ, ਨੇ ਹਾਲ ਹੀ ਵਿੱਚ ਧਰਮਸ਼ਾਲਾ ਦੇ ਦੌਰੇ ਦੌਰਾਨ ਉਨ੍ਹਾਂ ਨੂੰ ਆਪਣੀ ਸਾਰੀ ਦੁੱਖ ਭਰੀ ਵਿਥਿਆ ਸੁਣਾਈ ਸੀ ਜਿਸ ਤੋਂ ਬਾਅਦ ਉਨ੍ਹਾਂ ਨੇ ਸਾਬਕਾ ਮੁੱਖ ਮੰਤਰੀ ਦਾ ਪਰਦਾਫਾਸ਼ ਕਰਨ ਦਾ ਫੈਸਲਾ ਕੀਤਾ ਸੀ। ਉਨ੍ਹਾਂ ਕਿਹਾ ਕਿ ਇੱਕ ਪਾਸੇ ਉਨ੍ਹਾਂ ਦੀ ਸਰਕਾਰ ਨੇ ਸੂਬੇ ਵਿੱਚ ਖੇਡਾਂ ਅਤੇ ਖੇਡ ਸੱਭਿਆਚਾਰ ਨੂੰ ਪ੍ਰਫੁੱਲਤ ਕਰਨ ਲਈ ਪਹਿਲਕਦਮੀ ਕੀਤੀ ਪਰ ਦੂਜੇ ਪਾਸੇ ਚੰਨੀ ਵਰਗੇ ਲੋਕਾਂ ਨੇ ਖੇਡਾਂ ਨੂੰ ਬਰਬਾਦ ਕਰਕੇ ਰੱਖ ਦਿੱਤਾ ਹੈ। ਭਗਵੰਤ ਮਾਨ ਨੇ ਕਿਹਾ ਕਿ ਸੂਬੇ ਵਿੱਚ ਖੇਡਾਂ ਨੂੰ ਪ੍ਰਫੁੱਲਤ ਕਰਨ ਲਈ ਉਨ੍ਹਾਂ ਦੀ ਸਰਕਾਰ ਵੱਲੋਂ 'ਖੇਡਾਂ ਵਤਨ ਪੰਜਾਬ ਦੀਆਂ' ਕਰਵਾਈਆਂ ਗਈਆਂ ਅਤੇ ਉੱਭਰਦੇ ਖਿਡਾਰੀਆਂ ਲਈ ਨਕਦ ਇਨਾਮ ਸਮੇਤ ਲਏ ਗਏ ਹੋਰ ਕਦਮ ਵੀ ਚੁੱਕੇ ਗਏ।

# ਕੈਸਲਮੋਰ ਸੀਨੀਅਰਜ਼ ਕਲੱਬ ਨੇ ਸਲਾਨਾ ਆਮ ਇਜਲਾਸ ਵਿੱਚ ਪਿਛਲੇ ਸਾਲ ਦਾ ਲੇਖਾ ਜੋਖਾ ਕੀਤਾ

(ਬਰੈਂਪਟਨ /ਬਾਸੀ ਹਰਚੰਦ ) ਇੱਕੀ ਮਈ ਦਿਨ ਐਤਵਾਰ ਨੂੰ ਕੈਸਲਮੋਰ ਸੀਨੀਅਰਜ਼ ਕਲੱਬ ਨੇ ਪਿਛਲੇ ਸਾਲ ਦੇ ਅਮਦਨ/ਖਰਚ ਅਤੇ ਸਰਗਰਮੀਆਂ ਦਾ ਲੇਖਾ ਕਰਨ ਲਈ ਗੋਰ ਮੀਡੋ ਕਮਿਊਨਿਟੀ ਸੈਂਟਰ ਵਿਖੈ ਆਮ ਇਜਲਾਸ ਕੀਤਾ। ਭਰਵੀਂ ਹਾਜ਼ਰੀ ਵਿੱਚ ਕਲੱਬ ਦੇ ਸਕੱਤਰ ਕਸ਼ਮੀਰਾ ਸਿੰਘ ਦਿਉਲ ਨੇ ਮੈਂਬਰਾਂ ਸਨਮੁੱਖ





ਪਿਛਲੇ ਸਾਲ ਦੀ ਆਮਦਨ ਖਰਚ ਦੀ ਰੀਪੋਰਟ ਪੇਸ਼ ਕੀਤੀ ਜੋ ਸਰਵ ਸੰਮਤੀ ਨਾਲ ਮੈਂਬਰਾਂ ਵੱਲੋਂ ਪਾਸ ਕੀਤੀ ਗਈ। ਇਸ ਤੋਂ ਪਿੱਛੋਂ ਸਕੱਤਰ ਸਾਹਿਬ ਨੇ ਸਾਲ 2022-2023 ਵਿੱਚ ਕਲੱਬ ਵੱਲੋਂ ਆਪਣੇ ਮੈਂਬਰਾਂ ਲਈ ਟੂਰ ਪ੍ਰੋਗਰਾਮ ਅਤੇ ਮਨੋਰੰਜਨ ਲਈ ਕੀਤੀਆਂ ਸਰਗਰਮੀਆਂ ਬਾਰੇ ਰੀਪੋਰਟ ਪੇਸ਼ ਕੀਤੀ ਜਿਸ ਤੇ ਮੈਂਬਰਾਂ ਨੇ ਪੂਰਨ ਤਸੱਲੀ ਅਤੇ ਸਹਿਮਤੀ ਦਿਤੀ ਦੋਵੇ ਰੀਪੋਰਟਾਂ ਤਾੜੀਆਂ ਦੀ ਗੂੰਜ ਵਿੱਚ ਪਾਸ ਕਰ ਦਿਤੀਆਂ ਗਈਆਂ। ਕਲੱਬ ਦੇ ਪ੍ਰਧਾਂਨ ਅਤੇ ਗੁਰਮੇਲ ਸਿੰਘ ਸੱਗੂ ਅਤੇ ਸਕੱਤਰ ਕਸ਼ਮੀਰਾ ਸਿੰਘ ਦਿਉਲ ਦੀ ਸੁਚੱਜੀ ਅਗਵਾਈ ਲਈ ਧੰਨਵਾਦ ਕੀਤਾ ਅਤੇ ਅੱਗੋਂ ਲਈ ਮੈਂਬਰਾਂ ਵੱਲੋਂ ਕਲੱਬ ਦੀ ਬਿਹਤਰੀ ਲਈ ਹਰ ਕਿਸਮ ਦਾ ਸਹਿਯੋਗ ਕਰਨ ਦਾ ਯਕੀਨ ਦੁਆਇਆ। ਬਹੁਤ ਸਾਰੇ ਮੈਂਬਰਾਂ ਨੇ ਮੌਕੇ ਤੇ ਹੀ ਵੀਹ ਡਾਲਰ ਦੇ ਕੇ ਮੈਂਬਰਸਿਪ ਨਵਿਆਈ। ਬਾਕੀਆਂ ਨੇ ਜਲਦੀ ਨਵਿਆਉਣ ਦਾ ਭਰੋਸਾ ਦਿਤਾ।

ਸਾਲ 2023-2024 ਵਿੱਚ ਹੋਣ ਵਾਲੇ ਟੂਰ ਪ੍ਰੋਗਰਾਮ ਬਾਰੇ ਬੋਲਦਿਆਂ ਸਕੱਤਰ ਨੇ ਵਿਚਾਰ ਸਾਂਝੇ ਕੀਤੇ ਕਿ ਬਸਾਂ ਦੇ ਕਿਰਾਏ ਖਾਣ ਪੀਣ ਦਾ ਮਹਿੰਗੇ ਹੋਣਾ ਅਤੇ ਟੂਰ ਜਗਾਹ ਦੀਆਂ ਟਿਕਟਾਂ ਵਿੱਚ ਵਾਧੇ ਕਾਰਨ ਹੁਣ ਮੈਂਬਰਾਂ ਨੂੰ ਕੁੱਝ ਵਧੇਰੇ ਜੇਬ ਢਿਲੀ ਕਰਨੀ ਪੈਣੀ ਹੈ। ਜਿੰਦਗੀ ਦੇ ਮਨੋਰੰਜਨ ਲਈ ਪੈਸੇ ਕੋਈ ਮਾਅਨੇ ਨਹੀਂ ਰੱਖਦੇ ਬਸ ਦਿਲ ਦਾ ਧੀਰਜ ਰਖਣਾ ਹੁੰਦਾ ਹੈ। ਉਹਨਾਂ ਕਿਹਾ ਕਿ ਹਰ ਪ੍ਰੋਗਰਾਮ ਤੁਹਾਡੀ ਰਾਏ ਨਾਲ ਹੀ ਉਲੀਕਾਂਗੇ। ਪਹਿਲਾ ਟੂਰ ਬੀਬੀਆਂ ਲਈ ਹੋਵੇਗਾ ਇਸ ਤੋਂ ਬਾਅਦ ਜਿਵੇਂ ਵੀ ਹੋਇਆ ਮੈਂਬਰਾਂ ਨੂੰ ਜਾਣਕਾਰੀ ਦਿਤੀ ਜਾਏਗੀ। ਸਕੱਤਰ ਕਸ਼ਮੀਰਾ ਸਿੰਘ ਦਿਉਲ ਹਰਚੰਦ ਸਿੰਘ ਬਾਸੀ ਅਤੇ ਪ੍ਰੋ ਜਗੀਰ ਸਿੰਘ ਕਾਹਲੋਂ ਵੱਲੋਂ ਸਾਂਝਾ ਮਤਾ ਪੇਸ਼ ਕੀਤਾ ਗਿਆ "ਭਾਰਤੀ ਪਹਿਲਵਾਨ ਬੱਚੀਆਂ ਵੱਲੋਂ ਕੁਸਤੀ ਸੰਘ ਦੇ ਪਰਧਾਨ ਅਤੇ ਮੋਦੀ ਸਰਕਾਰ ਦੇ ਮੰਤਰੀ ਬ੍ਰਿਜ ਭੂਸ਼ਨ ਤੇ ਬੱਚੀਆਂ ਨਾਲ ਯੋਨ ਸੋਸ਼ਨ ਦੇ ਲਗਾਏ ਗੰਭੀਰ ਦੋਸਾਂ ਲਈ ਕੀਤੀ ਸਿਕਾਇਤ ਬਾਰੇ ਉਸ ਤੇ ਐਫ ਆਈ ਆਰ ਦਰਜ ਕੀਤੀ ਗਈ ਹੈ ਪਰ ਮੋਦੀ ਸਰਕਾਰ ਮੰਤਰੀ ਦੀ ਹਮਾਇਤ ਕਰ ਰਹੀ ਹੈ ਉਸ ਨੂੰ ਗ੍ਰਿਫਤਾਰ ਕਰਕੇ ਮੁਕੱਦਮਾ ਨਹੀ ਚਲਾਇਆ ਜਾ ਰਿਹਾ। ਇਸ ਲਈ ਲੱਗ ਪੱਗ ਇੱਕ ਮਹੀਨੇ ਤੋਂ ਪਹਿਲਵਾਨ ਬੱਚੀਆਂ , ਖੇਡ ਜਥੇਬੰਦੀਆਂ ਅਤੇ ਸਮਾਜਿਕ ਜਥੇਬੰਦੀਆਂ ਸੰਘਰਸ਼ ਦੇ ਰਾਹ ਜੰਤਰ ਮੰਤਰ ਦਿਲੀ ਬੈਠੀਆਂ ਹਨ ਪਰ ਮੋਦੀ ਸਰਕਾਰ ਦੇ ਕੰਨ ਤੇ ਜੂੰ ਨਹੀਂ ਸਰਕਦੀ। ਅੱਜ ਦਾ ਇਕੱਠ ਮੰਗ ਕਰਦਾ ਹੈ ਕਿ ਭਾਰਤੀ ਕੁਸ਼ਤੀ ਸੰਘ ਦੇ ਪ੍ਰਧਾਂਨ ਬ੍ਰਿਜ ਭੂਸ਼ਨ ਨੂੰ ਗਰਿਫਤਾਰ ਕਰਕੇ ਮੁਕੱਦਮਾ ਚਲਾਇਆ ਜਾਏ ਅਤੇ ਬਣਦੀ ਸਜਾ ਦਿਤੀ ਜਾਏ। ਪਹਿਲਵਾਨ ਬੱਚਿਆਂ ਦੀ ਹਮਾਇਤ ਵਿੱਚ ਇਹ ਮਤਾ ਸਰਵ ਸੰਤੀ ਨਾਲ ਪਾਸ ਕਰ ਦਿਤਾ ਗਿਆ।

ਸੈਸ਼ਨ ਦੇ ਦੂਜੇ ਹਿੱਸੇ ਵਿੱਚ ਗੀਤ ਸੰਗੀਤ ਦਾ ਪ੍ਰੋਗਰਾਮ ਵਧੀਆ ਚੱਲਿਆ ਬੀਬੀ ਨਾਜ਼ ਨੇ ਹਿੰਦੀ ਗੀਤ ਬੜੀ ਰਸੀਲੀ ਅਵਾਜ਼ ਵਿੱਚ ਗਾਏ।ਬੀਬੀ ਸਤਵਿੰਦਰ ਕੌਰ ਸੱਗੂ ਨੇ ਤਿੰਨ ਚਾਰ ਵਧੀਆ ਗੀਤ ਗਾਏ। ਗੁਰਦੇਵ ਸਿੰਘ ਰੱਖੜਾ ਨੋਕ ਝੋਕ ਕਵਿਤਾ ਸੁਣਾਈ। ਮਨਜੀਤ ਕੌਰ ਨੇ ਕਾਲੀ ਤੇਰੀ ਗੁੱਤ ਤੇ ਪਰਾਂਦਾ ਤਰਾ ਲਾਲ ਕੂਬ ਸੂਰਤ ਗੀਤ ਗਾਇਆ। ਪ੍ਰੋ:ਜਗੀਰ ਸਿੰਘ ਕਾਹਲੋਂ, ਹਰਚੰਦ ਸਿੰਘ ਬਾਸੀ, ਰਜਿੰਦਰ ਸਿੰਘ ਜੰਡਾ ਨੇ ਸਭਾ ਨੂੰ ਅਡਰੈਸ ਕੀਤਾ । ਸਭਾ ਦੇ ਮੈਂਬਰ ਪਨੇਸਰ ਸਾਹਿਬ ਨੇ ਡੀ ਜੇ ਦੀ ਸੇਵਾ ਨਿਭਾਈ ਤੇ ਗੀਤਾਂ ਗਾਏ

ਬਰੈਂਪਟਨ ਸਿਟੀ ਤੋਂ ਰਿਜਨਲ ਕੌਂਸਲਰ ਗੁਰਪਰਤਾਪ ਸਿੰਘ ਤੂਰ ਅਤੇ ਹਰਕੀਰਤ ਸਿੰਘ ਡਿਪਟੀ ਮੇਅਰ ਨੇ ਹਾਜਰੀ ਲੁਆਈ ਉਹਨਾਂ ਦੱਸਿਆ ਦੀਵਾਲੀ ਜਾ ਹੋ ਖੁਸੀਆਂ ਦੇ ਮੌਕੇ ਪਟਾਕਿਆਂ ਨਾਲ ਹੁੰਦੇ ਅੱਗ ਲੱਗਣ ਦੇ ਖਤਰੇ, ਬੀਮਾਰ ਲੋਗਾਂ ਨੂੰ ਬੇ ਚੈਨੀ,ਹੋਰ ਕਮਿਉਨਿਟਿਆਂ ਨੂੰ ਬੇ ਚੈਨੀ ਬਾਰੇ ਬਹੁਤ ਸਾਰੇ ਮਸਲੇ ਸਮਾਜਿਕ ਜਥੇਬੰਦਿਆਂ ਵੱਲੋਂ ਸਿਟੀ ਕੌਂਸਲ ਕੋਲ ਉਠਾਏ ਗਏ ਸਨ। ਸਿਟੀ ਕੌਂਸਲ ਨੇ ਸਰਵਸੰਮਤੀ ਨਾਲ ਇਹਨਾ ਮੌਕਿਆਂ ਤੇ ਪਟਾਕੇ ਚਲਉਣ ਤੇ ਪਾਬੰਦੀ ਲਗਾ ਦਿਤੀ ਹੈ ਹੁਣ ਸਿਟੀ ਕੁੱਝ ਚੋਣਵਿਆਂ ਥਾਂਵਾਂ ਤੇ ਆਪ ਪਰਬੰਧ ਕਰੇਗੀ। ਲੋਕਾਂ ਤੋਂ ਸਾਂਝੀ ਸਮੱਸਿਆ ਲਈ ਸਹਿਯੋਗ ਦੀ ਮੰਗ ਕੀਤੀ। ਲੋਕਾਂ ਦੇ ਕੁੱਝ ਹੋਰ ਮਸਲੇ ਸਾਂਝੇ ਕੀਤੇ। ਗੁਰਮੇਲ ਸਿੰਘ ਸੱਗੂ ਕਲੱਬ ਦੇ ਪਰਧਾਨ ਭਾਰਤੀ ਹਵਾਈ ਸੈਨਾ ਦੇ ਅਫੀਸਰ ਅਤੇ ਦਇਆ ਨੰਦ ਮੈਡੀਕਲ ਕਾਲਜ ਅਤੇ ਹਸਪਤਾਲ ਦੇ ਚੀਫ ਮਨੇਜਰ ਵਜੋਂ ਸੇਵਾ ਨਿਭਾ ਚੁਕੇ ਹਨ, ਨੇ ਸੱਭ ਮੈਂਬਰਾਂ ਦਾ ਸਹਿਯੋਗ ਲਈ ਧੰਨਵਾਦ ਕੀਤਾ। ਹੋਰ ਜਾਣ ਕਾਰੀ ਲੀ ਫੋਨ ਨੰਬਰ ਗੁਰਮੇਲ ਸਿੰਘ ਸੱਗੂ416-648-6706 ਕਸ਼ਮੀਰਾ ਸਿੰਘ ਦਿਉਲ 416-262-3114


# NEEDED FULL-TIME CONSTRUCTION WORKER

*(Required Canadian Citizen or Permanent Resident)*

**Decon Construction Inc. is a small business in Brampton, ON L6X 2M1. We are professional, fast-paced, and demanding.** We are looking for a Construction Worker to join our team and assist in the completion of various construction projects. The ideal candidate for this position will have experience in the construction industry, be able to lift heavy objects, and have a strong work ethic. The successful candidate will be responsible for a variety of tasks, including demolition, digging trenches, mixing concrete, and cleaning up job sites.

**Responsibilities:**
- Load, unload and transport construction materials
- Operate mobile and tower cranes to lift, move, position or place equipment and materials
- Clean and lubricate cranes
- Erect and dismantle concrete forms, scaffolding, ramps, catwalks shoring and barricades
- Operate pile driving cranes to drive pilings into earth to provide support for buildings and other structures
- Mix, pour and spread materials
- Operate cranes equipped with dredging attachments to dredge waterways and other areas
- Assemble tower cranes on site
- Assist heavy equipment operators
- Operate gantry cranes to load and unload ship cargo at port side
- Assist in drilling and blasting rock on construction sites
- Assist in framing houses, erecting walls and building roofs
- Level earth to fine grade specifications
- Assist in demolishing buildings
- Perform pre-operational inspection, and calculate crane capacities and weight to prepare for rigging and hoisting
- Perform routine maintenance work
- Clean up chemical spills and other contaminants
- Remove rubble and other debris at construction sites
- Tend or feed machines or equipment used in construction
- Direct traffic at or near construction sites
- Read and interpret blueprints

**Additional Information**
Work conditions and physical capabilities
- Fast-paced environment
- Work under pressure
- Physically demanding
- Handling heavy loads
- Hand-eye co-ordination

**Personal suitability**
- Dependability
- Flexibility
- Reliability
- Team player

**Experience**
Experience an asset
Work site environment
- Outdoors
- At heights
- Noisy

**Job Type: Full-time**
**Salary: $27.00 per hour**

**Benefits:**
- Paid time off

**Flexible Language Requirement:**
- French not required

**Language:**
- English (preferred)

**Schedule:**
- Monday to Friday

**Supplemental pay types:**
- Overtime pay

**Ability to commute/relocate:**
- Brampton, ON L6X 2M1:
reliably commute or plan to relocate before starting work (required)

**Experience:**
- construction (preferred)

**Shift availability:**
- Day Shift (preferred)

**Work Location:** In person

**Submit Resume:**
**naeem@decongroup.ca**


# ਸਿੱਖਿਆ ਦੇ ਪੱਧਰ ਨੂੰ ਉੱਚਾ ਚੁੱਕਣਾ ਪੰਜਾਬ ਸਰਕਾਰ ਦੀ ਪਹਿਲੀ ਤਰਜੀਹ : ਹਰਭਜਨ ਸਿੰਘ ਈ.ਟੀ.ਓ.

## ਕੈਬਨਿਟ ਮੰਤਰੀ ਨੇ ਜੰਡਿਆਲਾ ਗੁਰੂ ਦੇ ਹੁਸ਼ਿਆਰ ਵਿਦਿਆਰਥੀਆਂ ਦਾ ਕੀਤਾ ਸਨਮਾਨ

ਚੰਡੀਗੜ੍ਹ, 31 ਮਈ (ਪੋਸਟ ਬਿਊਰੋ): ਪੰਜਾਬ ਭਰ ਵਿੱਚ ਸਿੱਖਿਆ ਦੇ ਪੱਧਰ ਨੂੰ ਉੱਚਾ ਚੁੱਕਣਾ ਪੰਜਾਬ ਸਰਕਾਰ ਦੀ ਪਹਿਲੀ ਤਰਜੀਹ ਹੈ, ਇਹ ਪ੍ਰਗਟਾਵਾ ਕਰਦਿਆਂ ਪੰਜਾਬ ਦੇ ਬਿਜਲੀ ਤੇ ਲੋਕ ਨਿਰਮਾਣ ਮੰਤਰੀ ਹਰਭਜਨ ਸਿੰਘ ਈ.ਟੀ.ਓ. ਨੇ ਕਿਹਾ ਹੈ ਕਿ ਸੂਬਾ ਸਰਕਾਰ ਸੱਤਾ ਸੰਭਾਲਣ ਦੇ ਪਹਿਲੇ ਹੀ ਦਿਨ ਤੋਂ ਸਿੱਖਿਆ ਦੇ ਬੁਨਿਆਦੀ ਢਾਂਚੇ ਨੂੰ ਸੁਧਾਰਨ ਵੱਲ ਵਿਸ਼ੇਸ਼ ਧਿਆਨ ਦੇ ਰਹੀ ਹੈ।



ਕੈਬਨਿਟ ਮੰਤਰੀ ਨੇ ਅੱਜ ਜੰਡਿਆਲਾ ਗੁਰੂ ਵਿਧਾਨ ਸਭਾ ਹਲਕੇ ਦੇ ਦਸਵੀਂ ਅਤੇ ਬਾਰਵੀਂ ਕਲਾਸ ਵਿੱਚੋਂ 90 ਫੀਸਦੀ ਤੋਂ ਵੱਧ ਅੰਕ ਪ੍ਰਾਪਤ ਕਰਨ ਵਾਹਲੇ ਬੱਚਿਆਂ ਦਾ ਵਿਸ਼ੇਸ਼ ਸਨਮਾਨ ਕਰਕੇ ਉਨ੍ਹਾਂ ਦੀ ਹੌਸਲਾ ਅਫ਼ਜਾਈ ਕੀਤੀ।

ਹਰਭਜਨ ਸਿੰਘ ਈ.ਟੀ.ਓ. ਨੇ ਕਿਹਾ ਕਿ ਪੰਜਾਬ ਸਰਕਾਰ ਦੀ ਪਹਿਲੀ ਤਰਜੀਹ ਸਿੱਖਿਆ ਨੂੰ ਬੁਲੰਦੀਆਂ 'ਤੇ ਪਹੁੰਚਾਉਣਾ ਹੈ। ਉਨ੍ਹਾਂ ਕਿਹਾ ਕਿ ਜੰਡਿਆਲਾ ਗੁਰੂ ਹਲਕੇ ਦੇ ਕਰੀਬ 250 ਤੋਂ ਵੱਧ ਬੱਚਿਆਂ ਨੇ 90 ਫੀਸਦੀ ਤੋਂ ਵੱਧ ਅੰਕ ਪ੍ਰਾਪਤ ਕੀਤੇ ਹਨ। ਉਨ੍ਹਾਂ ਕਿਹਾ ਕਿ ਬੱਚਿਆਂ ਉੱਤੇ ਕੀਤਾ ਗਿਆ ਨਿਵੇਸ਼ ਕਦੇ ਵੀ ਵਿਅਰਥ ਨਹੀਂ ਜਾਂਦਾ ਅਤੇ ਸੂਬਾ ਸਰਕਾਰ ਇਸ ਸਚਾਈ ਨੂੰ ਸਮਝਦੇ ਹੋਏ ਸਕੂਲਾਂ ਵਿੱਚ ਸਿੱਖਿਆ ਦਾ ਪੱਧਰ ਉੱਚਾ ਚੁੱਕਣ ਲਗਾਤਾਰ ਉਪਰਾਲੇ ਕਰ ਰਹੀ ਹੈ। ਉਨ੍ਹਾਂ ਕਿਹਾ ਕਿ ਸਮਾਜ ਦੀ ਤਰੱਕੀ ਲਈ ਸਕੂਲਾਂ ਨੂੰ ਰੌਸ਼ਨ ਕਰਨਾ ਬਹੁਤ ਜਰੂਰੀ ਹੈ। ਉਨ੍ਹਾਂ ਬੱਚਿਆਂ ਦੇ ਮਾਪਿਆਂ ਨੂੰ ਵਧਾਈ ਦਿੰਦਿਆਂ ਕਿਹਾ ਕਿ ਇਨ੍ਹਾਂ ਬੱਚਿਆਂ ਦੀ ਉੱਚ ਸਿੱਖਿਆ ਲਈ ਵੀ ਹਰ ਸੰਭਵ ਮਦਦ ਕੀਤੀ ਜਾਏਗੀ।

ਇਸ ਮੌਕੇ ਡਿਪਟੀ ਕਮਿਸ਼ਨਰ ਅਮਿਤ ਤਲਵਾੜ, ਜ਼ਿਲ੍ਹਾ ਪੁਲਿਸ ਮੁਖੀ ਸਤਿੰਦਰ ਸਿੰਘ, ਐਡੀ.ਐਮ ਸਿਮਰਦੀਪ ਸਿੰਘ ਤੋਂ ਇਲਾਵਾ ਵੱਖ-ਵੱਖ ਸਕੂਲਾਂ ਦੇ ਪ੍ਰਿੰਸੀਪਲ ਅਤੇ ਸਿੱਖਿਆ ਵਿਭਾਗ ਦੇ ਅਧਿਕਾਰੀ ਹਾਜ਼ਰ ਸਨ।

# ਪੰਜਾਬ ਦੇ ਵਿਦਿਆਰਥੀਆਂ ਦਾ ਭਵਿੱਖ ਸੁਨਿਹਰੀ ਬਣਾਉਣ ਲਈ ਮੋਢੀ ਦੀ ਭੂਮਿਕਾ ਨਿਭਾਉਣਗੇ 'ਸਕੂਲ ਆਫ਼ ਐਮੀਨੈਂਸ': ਮੁੱਖ ਮੰਤਰੀ

## 'ਸਕੂਲ ਆਫ਼ ਐਮੀਨੈਂਸ' ਵਿੱਚ ਨੌਵੀਂ ਜਮਾਤ ਵਿੱਚ ਪੜ੍ਹਦੇ ਵਿਦਿਆਰਥੀਆਂ ਨਾਲ ਕੀਤੀ ਵਰਚੂਅਲ ਮੁਲਾਕਾਤ

ਚੰਡੀਗੜ੍ਹ, 31 ਮਈ (ਪੋਸਟ ਬਿਊਰੋ): ਮੁੱਖ ਮੰਤਰੀ ਭਗਵੰਤ ਮਾਨ ਨੇ ਉਮੀਦ ਜ਼ਾਹਰ ਕੀਤੀ ਕਿ ਸੂਬਾ ਸਰਕਾਰ ਵੱਲੋਂ ਪੰਜਾਬ ਭਰ ਵਿੱਚ ਸਥਾਪਤ ਕੀਤੇ 'ਸਕੂਲ ਆਫ਼ ਐਮੀਨੈਂਸ' ਵਿਦਿਆਰਥੀਆਂ ਦਾ ਭਵਿੱਖ ਸੁਨਿਹਰੀ ਬਣਾਉਣ ਲਈ ਮੋਢੀ ਦੀ ਭੂਮਿਕਾ ਨਿਭਾਉਣਗੇ।

ਸੂਬੇ ਭਰ ਦੇ 'ਸਕੂਲ ਆਫ਼ ਐਮੀਨੈਂਸ' ਵਿੱਚ ਨੌਵੀਂ ਜਮਾਤ ਵਿੱਚ ਪੜ੍ਹਦੇ ਵਿਦਿਆਰਥੀਆਂ ਨਾਲ ਗੱਲਬਾਤ ਕਰਦਿਆਂ ਮੁੱਖ ਮੰਤਰੀ ਨੇ ਕਿਹਾ ਕਿ ਇਹ ਸਕੂਲ ਇਕ ਨਵਾਂ ਤਜਰਬਾ ਹਨ, ਜਿਸ ਦਾ ਉਦੇਸ਼ ਵਿਦਿਆਰਥੀਆਂ ਦਾ ਸਰਬਪੱਖੀ ਵਿਕਾਸ ਯਕੀਨੀ ਬਣਾਉਣਾ ਹੈ। ਉਨ੍ਹਾਂ ਕਿਹਾ ਕਿ ਇਸ ਕਦਮ ਨਾਲ ਵੱਖ-ਵੱਖ ਖੇਤਰਾਂ ਵਿੱਚ ਵਿਦਿਆਰਥੀਆਂ ਨੂੰ ਨਿਪੁੰਨ ਬਣਨ ਲਈ ਸਿੱਖਣ ਦਾ ਵਧੀਆ ਤਜਰਬਾ ਮਿਲੇਗਾ। ਭਗਵੰਤ ਮਾਨ ਨੇ ਕਿਹਾ ਕਿ ਅਤਿ-ਆਧੁਨਿਕ ਸਹੂਲਤਾਂ ਨਾਲ ਲੈਸ ਇਹ ਸਕੂਲ ਵਿਦਿਆਰਥੀਆਂ ਨੂੰ ਮਿਆਰੀ ਸਿੱਖਿਆ ਮੁਹੱਈਆ ਕਰ ਰਹੇ ਹਨ।

ਮੁੱਖ ਮੰਤਰੀ ਨੇ ਕਿਹਾ ਕਿ ਸਾਡੀ ਸਰਕਾਰ ਪੰਜਾਬ ਵਿੱਚ ਸਿੱਖਿਆ ਖੇਤਰ ਨੂੰ ਮਜ਼ਬੂਤ ਕਰਨ ਲਈ ਪੁਰਜ਼ੋਰ ਕੋਸ਼ਿਸ਼ਾਂ ਕਰ ਰਹੀ ਹੈ। ਉਨ੍ਹਾਂ ਕਿਹਾ ਕਿ ਬੱਚਿਆਂ ਨੂੰ ਮਿਆਰੀ ਸਿੱਖਿਆ ਦੇਣ ਲਈ ਸੂਬੇ ਦੇ 23 ਜ਼ਿਲ੍ਹਿਆਂ ਵਿੱਚ 117 'ਸਕੂਲ ਆਫ਼ ਐਮੀਨੈਂਸ' ਸਥਾਪਤ ਕੀਤੇ ਗਏ ਹਨ। ਭਗਵੰਤ ਮਾਨ ਨੇ ਕਿਹਾ ਕਿ ਇਨ੍ਹਾਂ ਸਕੂਲਾਂ ਦਾ ਧਿਆਨ ਵਿਦਿਆਰਥੀਆਂ ਨੂੰ ਇੰਜਨੀਅਰਿੰਗ, ਲਾਅ, ਕਾਮਰਸ, ਯੂ.ਪੀ.ਐਸ.ਸੀ. ਅਤੇ ਐਨ.ਡੀ.ਏ. ਸਣੇ ਪੰਜ ਪੇਸ਼ੇਵਰ ਤੇ ਮੁਕਾਬਲੇ ਵਾਲੇ ਕੋਰਸਾਂ ਲਈ ਤਿਆਰ ਕਰਨ ਉਤੇ ਕੇਂਦਰਤ ਹੈ।

ਮੁੱਖ ਮੰਤਰੀ ਨੇ ਦਾਅਵਾ ਕੀਤਾ ਕਿ ਇਹ ਸਕੂਲ ਮਿਆਰੀ ਸਿੱਖਿਆ ਦੇਣ ਵਿੱਚ ਨਵਾਂ ਮੀਲ ਪੱਥਰ ਸਾਬਤ ਹੋਣਗੇ ਅਤੇ ਇਨ੍ਹਾਂ ਸਕੂਲਾਂ ਦੇ ਨਤੀਜੇ ਸਕੂਲ ਸਿੱਖਿਆ ਵਿੱਚ ਨਵੇਂ ਯੁੱਗ ਦਾ ਆਗਾਜ਼ ਕਰਨਗੇ। ਉਨ੍ਹਾਂ ਕਿਹਾ ਕਿ ਸੂਬਾ ਸਰਕਾਰ ਪੰਜਾਬ ਭਰ ਵਿੱਚ ਬਿਹਤਰੀਨ ਪ੍ਰਦਰਸ਼ਨ ਕਰਨ ਵਾਲੇ 'ਸਕੂਲ ਆਫ਼ ਐਮੀਨੈਂਸ' ਦੇ ਅਧਿਆਪਕਾਂ ਦਾ ਸਨਮਾਨ ਕਰੇਗੀ। ਭਗਵੰਤ ਮਾਨ ਨੇ ਵਿਦਿਆਰਥੀਆਂ ਨੂੰ ਕਿਹਾ ਕਿ ਕੌਮਾਂਤਰੀ ਪੱਧਰ ਉਤੇ ਵੱਖ-ਵੱਖ ਖੇਤਰਾਂ ਵਿੱਚ ਆਪਣਾ ਮੁਕਾਮ ਬਣਾਉਣ ਲਈ ਉਹ ਸਖ਼ਤ



ਮਿਹਨਤ ਕਰਨ।

ਇਸ ਵਰਚੂਅਲ ਮੁਲਾਕਾਤ ਦੌਰਾਨ ਮੁੱਖ ਮੰਤਰੀ ਨੇ ਵਿਦਿਆਰਥੀਆਂ ਤੋਂ ਇਨ੍ਹਾਂ ਸਕੂਲਾਂ ਬਾਰੇ ਉਨ੍ਹਾਂ ਦੇ ਤਜਰਬੇ ਪੁੱਛੇ। ਭਗਵੰਤ ਮਾਨ ਨੇ ਇਹ ਵੀ ਆਖਿਆ ਕਿ ਉਹ ਵਿਦਿਆਰਥੀਆਂ ਨੂੰ ਮਿਲ ਰਹੀ ਸਿੱਖਿਆ ਬਾਰੇ ਉਨ੍ਹਾਂ ਦੇ ਪ੍ਰਤੀਕਰਮ ਲੈਣ ਲਈ ਬਾਕਾਇਦਾ ਅਜਿਹੀਆਂ ਮੀਟਿੰਗਾਂ ਕਰਨਗੇ। ਉਨ੍ਹਾਂ ਵਿਦਿਆਰਥੀਆਂ ਨੂੰ ਬਿਨਾਂ ਕਿਸੇ ਡਰ ਤੋਂ ਖੁੱਲ੍ਹ ਕੇ ਆਪਣੇ ਵਿਚਾਰ ਰੱਖਣ ਲਈ ਆਖਿਆ ਅਤੇ ਕਿਹਾ ਕਿ ਜੇ ਵਿਦਿਆਰਥੀਆਂ ਨੂੰ ਕੋਈ ਸ਼ਿਕਾਇਤ ਜਾਂ ਘਾਟ ਰੜਕਦੀ ਹੈ ਤਾਂ ਉਹ ਵੀ ਦੱਸ ਸਕਦੇ ਹਨ।

ਮੁੱਖ ਮੰਤਰੀ ਨੇ ਇਹ ਵੀ ਕਿਹਾ ਕਿ ਸੂਬਾ ਸਰਕਾਰ ਇਨ੍ਹਾਂ ਵਿਦਿਆਰਥੀਆਂ ਲਈ ਪੰਜਾਬ ਭਰ ਦੀਆਂ ਅਹਿਮ ਥਾਵਾਂ ਦੇ 'ਸਟੱਡੀ ਟੂਰਾਂ' ਦਾ ਵੀ ਪ੍ਰਬੰਧ ਕਰੇਗੀ। ਉਨ੍ਹਾਂ ਕਿਹਾ ਕਿ ਇਸ ਨਾਲ ਵਿਦਿਆਰਥੀਆਂ ਨੂੰ ਪੰਜਾਬ ਦੀ ਅਮੀਰ ਸੱਭਿਆਚਾਰਕ ਵਿਰਾਸਤ ਬਾਰੇ ਜਾਣਨ ਦਾ ਮੌਕਾ ਮਿਲੇਗਾ। ਇਸ ਤੋਂ ਇਲਾਵਾ ਉਹ ਸੂਬੇ ਵੱਲੋਂ ਵੱਖ-ਵੱਖ ਖੇਤਰਾਂ ਵਿੱਚ ਕੀਤੀ ਤਰੱਕੀ ਤੋਂ ਵੀ ਜਾਣੂੰ ਹੋਣਗੇ, ਜਿਸ ਨਾਲ ਵਿਦਿਆਰਥੀਆਂ ਦੀ ਸ਼ਖ਼ਸੀਅਤ ਦਾ ਵਿਕਾਸ ਕਰਨ ਵਿੱਚ ਮਦਦ ਮਿਲੇਗੀ। ਵਿਦਿਆਰਥੀਆਂ ਨੂੰ ਗਰਮੀਆਂ ਦੀਆਂ ਛੁੱਟੀਆਂ ਲਈ ਵਧਾਈ ਦਿੰਦਿਆਂ ਭਗਵੰਤ ਮਾਨ ਨੇ ਕਿਹਾ ਕਿ ਉਹ ਇਨ੍ਹਾਂ ਛੁੱਟੀਆਂ ਦੀ ਵਰਤੋਂ ਆਪਣੇ ਸਿੱਖਿਆ ਦੇ ਹੁਨਰ ਨੂੰ ਹੋਰ ਤਰਾਸ਼ਣ ਲਈ ਕਰਨ।

# ਸਪੀਕਰ ਸੰਧਵਾਂ ਨੇ ਪਿੰਡ ਢੀਮਾਂਵਾਲੀ ਵਿਖੇ ਸ਼ਹੀਦ ਦੀ ਯਾਦ ਨੂੰ ਸਮਰਪਿਤ ਯਾਦਗਾਰੀ ਗੇਟ ਦਾ ਨੀਂਹ ਪੱਥਰ ਰੱਖਿਆ



ਕੋਟਕਪੂਰਾ, 31 ਮਈ (ਗਿਆਨ ਸਿੰਘ): ਪੰਜਾਬ ਵਿਧਾਨ ਸਭਾ ਸਪੀਕਰ ਕੁਲਤਾਰ ਸਿੰਘ ਸੰਧਵਾਂ ਨੇ ਪਿੰਡ ਢੀਮਾਂਵਾਲੀ ਵਿਖੇ ਸ਼ਹੀਦ ਦੀ ਯਾਦ ਨੂੰ ਸਮਰਪਿਤ ਯਾਦਗਾਰੀ ਗੇਟ ਦਾ ਨੀਂਹ ਪੱਥਰ ਰੱਖਿਆ। ਇਸ ਦੌਰਾਨ ਸਪੀਕਰ ਸੰਧਵਾਂ ਨੇ ਕਿਹਾ ਕਿ ਸ਼ਹੀਦ ਕੌਮ ਦਾ ਸਰਮਾਇਆ ਹਨ। ਪੰਜਾਬ ਸਰਕਾਰ ਸ਼ਹੀਦਾਂ ਦੀ ਦਿੱਤੀ ਕੁਰਬਾਨੀ ਨੂੰ ਕਦੇ ਨਹੀਂ ਭੁੱਲ ਸਕਦੀ ਅਤੇ ਸ੍ਹਹੀਦਾਂ ਦੀ ਯਾਦ ਨੂੰ ਸਮਰਪਿਤ ਅੱਜ ਇਸ ਯਾਦਗਾਰੀ ਗੇਟ ਦਾ ਨੀਂਹ ਪੱਥਰ ਰੱਖਿਆ ਗਿਆ ਹੈ। ਉਨ੍ਹਾਂ ਕਿਹਾ ਕਿ ਪਿੰਡ ਢੀਮਾਂਵਾਲੀ ਵਿਖੇ ਸ੍ਹਹੀਦ ਸ. ਜਸਵੰਤ ਸਿੰਘ ਹੌਲਦਾਰ ਦੀ ਯਾਦ ਵਿੱਚ ਯਾਦਗਾਰੀ ਗੇਟ ਦਾ ਨੀਂਹ ਪੱਥਰ ਰੱਖਿਆ ਗਿਆ ਹੈ। ਇਸ ਮੌਕੇ ਬੀ.ਡੀ.ਪੀ.ਓ. ਅਭਿਨਵ ਗੋਇਲ,ਪੀ.ਆਰ. ਓ ਟੂ ਸਪੀਕਰ ਮਨਪ੍ਰੀਤ ਸਿੰਘ ਧਾਲੀਵਾਲ , ਮੇਜਰ ਸਿੰਘ, ਇਕਬਾਲ ਸਿੰਘ ਸਤਨਾਮ ਸਿੰਘ, ਮਨਜੀਤ ਸਿੰਘ, ਨਿਰਮਲ ਸਿੰਘ ਖਾਲਸਾ, ਗੁਰਜੀਤ ਕੌਰ ਤੋਂ ਇਲਾਵਾ ਹੋਰ ਹਾਜ਼ਰ ਸਨ।


ਫੀਮੇਲ ਹਾਊਸਕੀਪਰ ਦੀ ਲੋੜ

ਮਾਰਖਮ ਹਾਊਸ, ਜਿਸ ਵਿਚ ਕ੍ਰਿਸ਼ਨਾ ਮੰਦਰ ਹੈ, ਲਈ ਫੁਲ ਟਾਈਮ ਲਿਵ ਇਨ ਫੀਮੇਲ ਹਾਊਸਕੀਪਰ ਦੀ ਲੋੜ ਹੈ। ਘਰ ਪੂਰੀ ਤਰ੍ਹਾਂ ਸ਼ਾਕਾਹਾਰੀ ਹੈ, ਇੱਥੋਂ ਤੱਕ ਕਿ ਪਿਆਜ ਅਤੇ ਲਹਿਸਣ ਦੀ ਵਰਤੋਂ ਦੀ ਵੀ ਆਗਿਆ ਨਹੀਂ ਹੈ। ਕੰਮ ਦੇ ਵਿਚ ਖਾਣਾ ਬਣਾਉਣਾ, ਸਾਫ-ਸਫਾਈ ਅਤੇ ਸਾਰੇ ਘਰ ਦੀ ਵਧੀਆ ਤਰੀਕੇ ਨਾਲ ਸੰਭਾਲ ਕਰਨੀ ਸ਼ਾਮਲ ਹਨ। ਹਾਊਸਕੀਪਰ ਨੂੰ ਘਰ ਦੇ ਮੈਂਬਰ ਵਾਂਗ ਰੱਖਿਆ ਜਾਵੇਗਾ। ਚਾਹਵਾਨ ਕ੍ਰਿਪਾ ਕਰਕੇ vbsharma@vbsharma.ca ਉਤੇ ਅਪਲਾਈ ਕਰਨ। ਫੋਨ ਨੰਬਰ 416-292-4431 ext. 224 ਉਤੇ 3 ਵਜੇ ਤੋਂ ਬਾਅਦ ਸੰਪਰਕ ਕਰ ਸਕਦੇ ਹਨ।

NEED A LAWYER ??
KAUR LAW OFFICE
Red Seal NOTARY

REAL ESTATE LAWYER
- Residential & Commercial
- Sale/Purchase of House
- Mortgage & Refinancing
- Drafting/Reviewing Agreements
- Title Transfer
- 2nd Mortgage

IMMIGRATION
Skilled Worker Category
Spousal & Family Sponsorship

FAMILY LAWYER
- Child & Spousal support
- Custody & Access
- Divorce
- Equalization

BUSINESS LAW
- Incorporation & Shareholder agreements
- Sales & Purchase of Assets & Shares
- Notarization & Affidavits

ਕੈਨੇਡੀਅਨ ਪੰਜਾਬੀ ਪੋਸਟ
Award winning news paper | Canadian Punjabi Post
CLASSIFIEDS
Starting at just $10
ਕਿਸੇ ਵੀ ਤਰ੍ਹਾਂ ਦੀ ਐਡ ਦੇਣ ਲਈ
ਕਾਲ ਕਰੋ: 905-793-2202

Matrimonial
ਰਿਸ਼ਤੇ ਹੀ ਰਿਸ਼ਤੇ
Starting at just $10
ਵਿਆਹ ਸ਼ਾਦੀ ਦਾ ਇਸ਼ਤਿਹਾਰ ਦੇਣ ਲਈ
ਕਾਲ ਕਰੋ: 905-793-2202


## ਲੜਕੀ ਦੀ ਲੋੜ

ਜੱਟ ਸਿੱਖ ਸੰਧੂ ਲੜਕਾ, ਉਮਰ 33 ਸਾਲ, ਕੱਦ 5 ਫੁਟ, 11 ਇੰਚ, 12ਵੀਂ ਪਾਸ, ਵਰਕ ਪਰਮਿਟ ਦੋ ਸਾਲ, ਬ੍ਰੈਂਪਟਨ, ਪਿਤਾ ਵੀ ਇੱਥੇ, ਮਾਤਾ ਵੀ ਆ ਰਹੀ ਹੈ। ਇਕਲੌਤਾ ਲੜਕਾ, ਚੰਗੀ ਜਾਇਦਾਦ, ਨਸ਼ਿਆਂ ਤੋਂ ਬਿਲਕੁਲ ਰਹਿਤ, ਭੂਆਂ ਕੋਲ ਰਹਿੰਦਾ ਹੈ, ਲਈ ਯੋਗ ਲੜਕੀ ਸਿਟੀਜ਼ਨ, ਪੀ.ਆਰ. ਹੋਵੇ। ਹੋਣ ਜਾਣਕਾਰੀ ਲਈ ਸੰਪਰਕ ਕਰੋ: 647-631-9445

ਲੁਬਾਣਾ ਸਿੱਖ ਲੜਕਾ ਕੈਨੇਡੀਅਨ ਸਿਟੀਜ਼ਨ, ਉਮਰ 29, ਹਾਈਟ 5 ਫੁੱਟ 8 ਇੰਚ, ਸੈਲਫ ਇੰਪਲਾਇਡ ਲਈ ਬੀਐੱਸਸੀ ਨਰਸਿੰਗ ਜਾਂ ਵਰਕ ਪਰਮਿਟ 'ਤੇ ਆਈ ਲੜਕੀ ਦੀ ਜ਼ਰੂਰਤ ਹੈ। ਲੁਬਾਣਾ ਬਰਾਦਰੀ ਨੂੰ ਪਹਿਲ ਦਿੱਤੀ ਜਾਵੇਗੀ। ਸੰਪਰਕ: 7093510275

Looking for a Suitable match for Khatri Punjabi boy 36 yrs old 5,6.Boy have multiple Visitor Visa. Legally Divorced after a Short Marriage no issue .Boy is in Canada right now. Sister Well Settled in Toronto. No Caste bar, looking for Canadian P.R. or Citizen Contact on 6473004877 Email :- komal1128@gmail.com

ਸਿੱਖ ਅਰੋੜਾ ਲੜਕਾ, ਇਸ ਸਮੇਂ ਵਿਜ਼ਿਟਰ ਵੀਜ਼ੇ 'ਤੇ ਕੈਨੇਡਾ ਵਿਚ, ਯੋਗ ਕੰਨਿਆ ਦੀ ਜ਼ਰੂਰਤ ਹੈ। ਲੜਕੇ ਦੀ ਭੈਣ ਕੈਨੇਡਾ ਦੀ ਪੀ.ਆਰ. ਹੈ। ਪੰਜਾਬ ਵਿਚ ਚੰਗੀ ਜ਼ਮੀਨ ਅਤੇ ਬਿਜ਼ਨਸ ਹੈ। ਪਹਿਲੀ ਪਤਨੀ ਦੀ ਮੌਤ ਹੋ ਚੁੱਕੀ ਹੈ ਅਤੇ ਉਸ ਦਾ ਦੋ ਸਾਲ ਦਾ ਬੇਟਾ ਵੀ ਹੈ। ਜਾਤੀ ਬੰਧਨ ਨਹੀਂ। ਲੜਕੀ ਕੈਨੇਡਾ ਦੀ ਪੀ.ਆਰ. ਜਾਂ ਸਿਟੀਜਨ ਹੋਵੇ। ਸੰਪਰਕ: 647-625-5706

Well settled Punjabi Arora family seeks match for their PR son 34 years old, 6 feet tall, M.Com LLB, never smoking, never drinking, vegetarian, legally divorced after very short marriage, no relationship. Boy is almost unmarried. He is working as an officer in Leading Canadian Bank. Seeks educated family oriented girl from families in Canada/USA or new immigrant, PR, student or on work permit. Girl with very short marriage or never married will be preferred. Parents please send Bio-data and photo. Whatsapp or call at +1 9734209701, 437-770-3644 or email at ssjuneja@gmail.com.

## ਲੜਕੀ ਦੀ ਲੋੜ

ਕੈਨੇਡੀਅਨ ਸਿਟੀਜ਼ਨ, ਕੈਨੇਡਾ ਦੇ ਦੋ ਸੂਬਿਆਂ ਵਿਚ ਸਫ਼ਲ ਸਥਾਪਿਤ ਆਪਣਾ ਕਾਰੋਬਾਰ ਕਰਦੇ ਵੈੱਲ ਸੈਟਲਡ ਪਰਿਵਾਰ ਦੇ ਕੈਨੇਡਾ ਵਿਚ 16 ਸਾਲ ਤੋਂ ਰਹਿ ਰਹੇ ਲੜਕੇ, ਉਮਰ 32 ਸਾਲ, ਕੱਦ 5 ਫੁੱਟ, 10 ਇੰਚ, ਲਈ ਯੋਗ ਲੜਕੀ ਦੀ ਜ਼ਰੂਰਤ। ਸੰਪਰਕ ਕਰੋ: 204-510-7658 ਜਾਂ 437-881-7282

ਜੱਟ ਸਿੱਖ ਢਿੱਲੋਂ ਪਰਿਵਾਰ ਦਾ ਲੜਕਾ, ਉਮਰ 21 ਸਾਲ, ਕੱਦ 5'9", ਕੈਨੇਡਾ ਵਿਚ ਰਹਿ ਰਹੇ ਲੜਕੇ ਲਈ ਕੈਨੇਡੀਅਨ ਪੀ.ਆਰ./ਸਿਟੀਜਨ/ਵਰਕ ਪਰਮਿਟ/ਸਟੂਡੈਂਟ ਲੜਕੀ ਦੀ ਜਰੂਰਤ ਹੈ। ਲੜਕੀ ਦੀ ਉਮਰ 18 ਤੋਂ 22 ਸਾਲ ਦੀ ਹੋਵੇ। ਸੰਪਰਕ: 437-223-2664

ਜੱਟ ਸਿੱਖ ਅੰਮ੍ਰਿਤਧਾਰੀ ਲੜਕਾ, ਉਮਰ 30 ਸਾਲ, ਕੱਦ 5'11'', B.A./B.Sc., 3 ਸਾਲ ਇੰਸ਼ੋਰੈਂਸ ਕੰਪਨੀ ਵਿਚ ਕੰਮ ਕੀਤਾ, ਹੁਣ ਡੀ.ਵੀ. ਮਾਰਟ ਕੰਪਨੀ ਲੁਧਿਆਣਾ ਵਿਖੇ ਕੰਮ ਕਰ ਰਿਹਾ ਹੈ। ਲੜਕਾ ਇੰਡੀਆ ਵਿਚ ਰਹਿ ਰਿਹਾ ਹੈ, ਚੰਗੀ ਜ਼ਮੀਨ ਹੈ ਤੇ ਇੱਕ ਭੈਣ ਕੈਨੇਡਾ ਵਿਚ ਵੈਲ ਸੈਟਲਡ ਹੈ, ਲਈ ਕੈਨੇਡੀਅਨ ਪੀ.ਆਰ./ਸਿਟੀਜਨ/ਵਰਕ ਪਰਮਿਟ ਉਤੇ ਰਹਿ ਰਹੀ ਲੜਕੀ ਦੀ ਲੋੜ ਹੈ। ਇੰਡੀਆ ਵਿਚ ਚੰਗੀ ਪੜ੍ਹੀ ਲਿਖੀ ਲੜਕੀ ਦਾ ਪਰਿਵਾਰ ਵੀ ਸੰਪਰਕ ਕਰ ਸਕਦਾ ਹੈ। ਸੰਪਰਕ: 416-219-8282, arshdeepkaurthind9@gmail.com.

Beautiful match, below 35yrs, for smart JatSikh boy, Canada PR, 39/5-11" BE/MBA, Highly paid job, R/U property in Canada/India, issueless divorcee, caste no bar, respond only with pics & details. **Whatsapp +16474968844 Email : matchjatt2018@gmail.com**

ਜੱਟ ਸਿੱਖ ਲੜਕਾ, 1994 ਕੱਦ 5 '11 , ਜੋ ਕਿ ਇੰਡੀਆ ਵਿਚ ਚੰਗੀ ਜੋਬ ਕਰਦਾ ਹੈ, ਲਈ ਕੈਨੇਡੀਅਨ ਪੀ ਆਰ, ਸਿਟੀਜਨ ਲੜਕੀ ਦੀ ਲੋੜ ਹੈ, ਸਟੱਡੀ ਵੀਜ਼ੇ ਵਾਲੇ ਵੀ ਸੰਪਰਕ ਕਰ ਸਕਦੇ ਹਨ। 416 400 2604 ਵਟਸਅੱਪ 8920619746

ਜੱਟ ਸਿੱਖ ਉਮਰ 28 ਸਾਲ ਕੱਦ 5"8 ਸਾਰੀ ਫੈਮਲੀ ਕਨੈਡਾ ਵਿਚ । ਲੜਕੇ ਨੇ 12 ਗਰੇਡ ਕੀਤੇ ਹੋਏ ਹਨ ਟਰੱਕਿੰਗ ਕੰਪਨੀ ਨਾਲ ਕੰਮ ਕਰ ਰਿਹਾ ਹੈ, ਚੰਗੀ ਆਮਦਨ ਆਪਣਾ ਘਰ ਜੋ ਕੇ ਕਿਰਾਏ ਤੇ ਦਿਤਾ ਹੈ। ਸਾਰੀ ਫੈਮਲੀ ਕੈਨੈਡਾ ਵਿਚ, ਫੈਮਲੀ ਦੇ ਨਾਲ ਹੀ ਰਹਿ ਰਿਹਾ ਹੈ। ਜਲੰਧਰ ਜਿਲ੍ਹੇ ਨੂੰ ਪਹਿਲ , ਲੜਕੀ ਸਿਟੀਜ਼ਨ, ਪੀਆਰ ਜਾਂ ਵਿਜ਼ਟਰ ਕੋਈ ਵੀ ਹੋਵੇ। ਸੰਪਰਕ : 647-948-8474 647-670-8013

ਜੱਟ ਸਿੱਖ ਲੜਕਾ ਉਮਰ 35 ਸਾਲ ਕੱਦ 5'11" ਕਨੇਡੀਅਨ ਜਮ-ਪਲ, ਗੌਰਮਿੰਟ ਨੌਕਰੀ ਕਰਦਾ ਹੈ, ਦੇ ਵਾਸਤੇ ਲੜਕੀ ਦੀ ਲੋੜ ਹੈ। ਲੜਕੀ ਸਿੱਖ ਪਰਵਾਰ ਦੀ ਹੋਵੇ ਕੋਈ ਜਾਤ ਪਾਤ ਨਹੀਂ, ਲੜਕੀ ਪੀਆਰ ਜਾਂ ਸਟੂਡੈਂਟ ਹੋਵੇ ਤਾਂ ਵੀ ਵਿਚਾਰ ਕੀਤੀ ਜਾ ਸਕਦੀ ਹੈ। ਵਧੇਰੇ ਜਾਣਕਾਰੀ ਲਈ ਸੰਪਰਕ ਕਰੋ: (647)297-6661

## ਲੜਕੇ ਦੀ ਲੋੜ

Need suitable match for 58 years old Hindu (Khatri) lady (Non Manglik), Height 5'3". Seeking a trustworthy man upto 65 years. Contact :- 647-323-5428.

Qualified match for beautiful never married Punjabi Khatri girl 5'7" 35 years Software Engineer at Toronto .Canada PR. Well settled in IT job . Good family.call +16475649350 email marti.mail.20@gmail.com

Saini Sikh family seeks a suitable match for their beautiful daughter, born and raised in Canada, 36 years old, slim, 5'4" tall, has a bachelor's degree, has a good job, divorced after short marriage. The boy should be educated, well settled, handsome, Canadian born. Please send bio-data and pictures on whatsapp. Phone :- 437-288-6010. Caste no bar.

'Qualified match for beautiful never married 81 born girl, Canada PR, well settled in job with Pharma co at Toronto. Call: +16475649350, Email: skvmatri49@gmail.com

Seeking a suitable match for Canadian citizen Ramdasia Sikh (GNM). Born August 1987 and height 5'1 .Working as a unit clerk (Government of Alberta) . Boy should be vegetarian and educated.Family settled in Canada Mother and Father in India.Please send complete biodata and pictures at ekamjotdahiya@gmail.com Contact number-+17802222608, +919988297352

ਜੱਟ ਸਿੱਖ ਧਾਲੀਵਾਲ ਕੱਦ 5 ਫੁੱਟ 6 ਇੰਚ, ਉਮਰ 25 ਸਾਲ ਐਮਐਸਸੀ ਮੈਥ, ਇੰਡੀਆ ਵਿਚ ਰਹਿ ਰਹੀ ਲੜਕੀ ਲਈ ਜੱਟ ਸਿੱਖ ਕੈਨੇਡੀਅਨ ਇਮੀਗ੍ਰਾਂਟ ਜਾਂ ਸਿਟੀਜਨ ਲੜਕੇ ਦੀ ਲੋੜ ਹੈ। ਲੜਕੀ ਆਈਲਟਸ ਦਾ ਕੋਰਸ ਕਰ ਰਹੀ ਹੈ। ਜ਼ਿਆਦਾ ਜਾਣਕਾਰੀ ਲਈ ਹੇਠ ਲਿਖੇ ਨੰਬਰ ਉਤੇ ਸੰਪਰਕ ਕੀਤਾ ਜਾ ਸਕਦਾ ਹੈ। 613-799-8090, ਈਮੇਲ- Singhmanmohan2006@gmail.com

## ਲੜਕੇ ਦੀ ਲੋੜ

ਕੈਨੇਡਾ ਪੀ ਆਰ ਲੜਕੀ ਲਈ ਵਰ ਦੀ ਲੋੜ, 1991/5'3", ਲਈ ਸ਼ੁਧ ਵੈਸ਼ਨੂੰ ਲੜਕੇ ਦੀ ਲੋੜ। ਕੈਨੇਡਾ ਨੂੰ ਪਹਿਲ। ਸੰਪਰਕ: 9855238175

ਜੱਟ ਸਿਖ 1996/5'-3", ਇੰਟਰਨੈਸ਼ਨਲ ਬਿਜ਼ਨੈੱਸ ਮੈਨੇਜਮੈਂਟ (ਕੈਨੇਡਾ ਪੀ-ਆਰ) ਲੜਕੀ ਲਈ ਕੈਨੇਡਾ ਪੀਆਰ/ਨਾਨ-ਪੀਆਰ ਲੜਕਾ ਚਾਹੀਦਾ ਹੈ। ਮਾਲਵੇ ਨੂੰ ਤਰਜੀਹ। ਸੰਪਰਕ:9478403300

ਕੈਨੇਡਾ ਪੀ ਆਰ ਲੜਕੀ ਨਾਈ ਸਿੱਖ /ਲੱਖਣਪਾਲ ਲਈ ਸ਼ੁਧ ਵੈਸ਼ਨੂੰ ਵਰ ਦੀ ਲੋੜ। ਤਰਜੀਹ ਕੈਨੇਡਾ। ਜਨਮ 13/12/1991, ਕੱਦ 5'7", ਭਾਰਤ ਤੋਂ M.Com ਅਤੇ ਕੈਨੇਡਾ ਤੇ ਪੋਸਟ ਗਰੈਡ ਡਿਪਲੋਮਾ HRM ਇੱਕ ਭੈਣ ਤੇ ਇੱਕ ਭਰਾ ਵਿਆਹੇ ਦੋਵੇ ਕੈਨੇਡਾ PR ਫੋਨ +12049148700 +919569557850

ਜੱਟ ਸਿਖ ਗਿੱਲ ਪਰਿਵਾਰ ਦੀ ਸੁੰਦਰ ਤੇ ਸੁਸ਼ੀਲ ਲੜਕੀ, ਜਨਮ ਮਿਤੀ 04-02-1991, ਕੱਦ 5 ਫੁੱਟ 3 ਇੰਚ, ਬੀਐਸਸੀ, ਐਮਐਸਸੀ (ਹਾਨਰਜ਼) ਬਾਇਓਫਿਜਿਕਸ + ਐਲਐਲਬੀ ਕੀਤੀ ਹੋਈ ਹੈ। ਆਈਲੈਟਸ ਵਿਚੋਂ 8 ਬੈਂਡ ਹਨ। ਐਕਸਪ੍ਰੈੱਸ ਐਂਟਰੀ ਵਿਚ ਇੰਡੀਆ ਤੋਂ ਕੈਨੇਡਾ ਪੀਆਰ ਦੀ ਫਾਈਲ ਲੱਗੀ ਹੋਈ ਹੈ। ਅੱਜ ਕੱਲ੍ਹ ਪੰਜਾਬ ਅਤੇ ਹਰਿਆਣਾ ਹਾਈਕੋਰਟ ਵਿਚ ਵਕੀਲ ਹੈ। ਲੜਕੀ ਨਾਨ ਵੈਜ ਖਾ ਲੈਂਦੀ ਹੈ। ਪੂਰਾ ਪਰਿਵਾਰ ਕੋਟਕਪੂਰਾ, ਜਿਲਾ ਫਰੀਦਕੋਟ, ਪੰਜਾਬ ਵਿਖੇ ਰਹਿ ਰਿਹਾ ਹੈ। ਨਿਊਕਲੀਅਰ ਪਰਿਵਾਰ ਹੈ, ਇਕ ਭਰਾ ਕੈਨੇਡਾ ਵਿਚ ਪੀਆਰ ਹੈ। ਲੜਕੀ ਦੇ ਪਿਤਾ ਪੰਜਾਬ ਪੁਲਸ ਵਿਚ ਨੌਕਰੀ ਕਰ ਰਹੇ ਹਨ। ਲੜਕੀ ਲਈ ਜੱਟ ਸਿੱਖ ਪਰਿਵਾਰ ਦੇ ਕੈਨੇਡਾ ਜਾਂ ਅਮਰੀਕਾ ਵਿਚ ਰਹਿੰਦੇ ਪੜ੍ਹੇ ਲਿਖੇ ਲੜਕੇ ਦੀ ਲੋੜ ਹੈ। ਸੰਪਰਕ:- ਕੈਨੇਡਾ +16476866500

Looking for PQ and Genuine Jat Sikh boy for 35/5 -7" beautiful, slim Software Engineer girl working in GTA (Canada PR) Innocently divorced in few months (Non-consummated Marriage).Caste no bar.Respond with your details at bestmatri10@gmail.com/+1647-267-3104

ਜੱਟ ਸਿੱਖ ਉਮਰ 35 ਸਾਲ ਕੱਦ 5'11" ਪਤਲੀ ਰੰਗ ਗੋਰਾ, ਜਿਸ ਦੇ ਪਹਿਲੇ ਪਤੀ ਦੀ ਮੌਤ ਹੋ ਚੁਕੀ ਹੈ ਅਤੇ 9 ਸਾਲ ਦੀ ਇਕ ਲੜਕੀ ਹੈ। ਚੰਗੀ ਜਾਇਦਾਦ ਦੀ ਮਾਲਕ ਹੈ। ਲੋੜ ਪੈਣ ਤੇ 9 ਸਾਲ ਦੀ ਲੜਕੀ ਵੀ ਉਸ ਦੀ ਭੈਣ ਦੁਆਰਾ ਅਡਾਪਟ ਕੀਤੀ ਜਾ ਸਕਦੀ ਹੈ, ਲਈ ਅਮਰੀਕਨ ਜਾਂ ਕਨੇਡੀਅਨ ਇੰਮੀਗਰਾਂਟ ਵਰ ਦੀ ਲੋੜ ਹੈ। ਜਿਆਦਾ ਜਣਕਾਰੀ ਲਈ ਹੇਠ ਲਿਖੇ ਨੰ ਤੇ ਸੰਪਰਕ ਕੀਤਾ ਜਾ ਸਕਦਾ ਹੈ। 1-780-604-6580

ਜੱਟ ਸਿੱਖ ਢਿੱਲੋਂ ਪਰਿਵਾਰ ਦੀ ਲੜਕੀ, ਉਮਰ 28 ਸਾਲ, ਕੱਦ 5'2" ਕੈਨੇਡੀਅਨ ਪੀ.ਆਰ. ਲਈ ਪੜ੍ਹੇ ਲਿਖੇ ਅਤੇ ਵੈਲ ਸੈਟਲਡ ਪੀ.ਆਰ./ਸਿਟੀਜਨ ਲੜਕੇ ਦੀ ਲੋੜ ਹੈ। ਲੜਕੇ ਦੀ ਉਮਰ 25 ਤੋਂ 30 ਸਾਲ ਦੇ ਵਿਚਕਾਰ ਹੋਵੇ। ਸੰਪਰਕ: 437-223-2664

ਜੱਟ ਸਿਖ ਲੜਕੀ, ਉਮਰ 33 ਸਾਲ, ਕੱਦ 5 ਫੁੱਟ 4 ਇੰਚ, ਇੰਡੀਆ ਤੋਂ MBA ਅਤੇ ਕੈਨੇਡਾ ਤੋਂ Marketing Management, Food Media ਦੀ ਪੜ੍ਹਾਈ ਕੀਤੀ ਹੋਈ ਹੈ। ਇੱਥੇ Health Care Screener ਦੇ ਤੌਰ 'ਤੇ ਕੰਮ ਕਰਦੀ ਹੈ, ਲਈ ਕੈਨੇਡੀਅਨ ਜਾਂ ਅਮਰੀਕਨ PR/Citizen ਲੜਕੇ ਦੀ ਲੋੜ ਹੈ। ਸੰਪਰਕ: 437-332-8422 E-mail : puneetasra17october@gmail.com


ਸੈਲ ਐਡ ਫਿਕਸ
ਟ੍ਰਕ ਡਰਾਇਵਰਾਂ ਤੇ ਸਟੂਡੈਂਟਾਂ ਲਈ ਧਮਾਕੇਦਾਰ ਤੇ ਸਸਤੇ ਫੋਨ ਪਲੈਨ।
ਫੋਨ: 905-790-9999
2565 Steeles Ave E unit 3, Brampton, ON L6T 4L6

A-One Drivers TRAINING SCHOOL
G2, G ਦੀ ਹਿੰਦੀ, ਪੰਜਾਬੀ ਉਰਦੂ, ਅੰਗਰੇਜੀ ਭਾਸ਼ਾਵਾਂ ਦੇ ਵਿੱਚ ਪ੍ਰੋਫੈਸ਼ਨਲ ਤਰੀਕੇ ਨਾਲ ਟਰੇਨਿੰਗ ਦਿੱਤੀ ਜਾਂਦੀ ਹੈ
ਨਰਵਸ ਡਰਾਈਵਰ ਹੋ ਜਾਂ ਬਾਰ ਬਾਰ ਫੇਲ ਹੋਣ ਤੋਂ ਬਚਣ ਲਈ ਕਾਲ ਕਰ ਸਕਦੇ ਹੋ
ਫਰੀ ਪਿਕਅਪ
Best Rates For Lessons
] ਮੁਫਤ ਪਿਕਅਪ ਅਤੇ ਡਰਾਪ ਆਫ਼
] ਫੁੱਲ ਕੋਰਸ ਨਾਲ ਇੰਸ਼ੋਰੈਂਸ ਡਿਸਕਾਊਂਟ ਸਰਟੀਫਿਕੇਟ
] ਬਰੈਂਪਟਨ, ਮਿਸੀਸਾਗਾ ਦੇ ਇਲਾਕੇ ਵਿੱਚ ਸੇਵਾਵਾਂ
] ਵਾਜਿਬ ਕੀਮਤ
ਲੇਡੀ ਇੰਸਟ੍ਰਕਟਰ
647-998-7500 ਬਲਵਿੰਦਰ

Visions of Punjab
VISION ZOOMERTV
Airs Across Canada
Every Saturday
1:00 pm to 1:30 pm EST
10:00 am to 10:30 am PST
Mahal Entertainment Inc.
Cell:416-587-5520
Email: iqbalmahal46@gmail.com
Natasha Mahal Co-Host
Iqbal Mahal Producer & Host
Serving the South Asian Community Since 1976

You can Place Your Business Here
(905)793-2202
To Reach Wider Audience
For more info Call 905-793-2202 or e-mail ads@punjabipost.ca

STARLANE PAINTING
Residential • Commercial • Industrial
• Hotel • Motel • Exterior
• Interior • Spray Painting
• Office Painting • Drywall Fixing
ਘਰ ਹੋਵੇ ਜਾਂ ਹੋਵੇ ਦੁਕਾਨ ਅਸੀ ਵਧਾਈਏ ਰੰਗਾਂ ਨਾਲ ਉਸ ਦੀ ਸ਼ਾਨ
7 Days A Week
Call For FREE Estimate
ਹਰ ਤਰ੍ਹਾਂ ਦੀ ਵਧੀਆਂ ਪੇਂਟਿੰਗ ਲਈ 20 ਸਾਲਾਂ ਤੋਂ ਵੀ ਵੱਧ ਤਜਰਬੇਕਾਰ ਹਰਜੀਤ ਨੂੰ ਕਾਲ ਕਰੋ
416.230.4000 • 647.409.1092
www.STARLANEPAINTING.com
ਹਰਜੀਤ ਧਨੋਆ



You can Place Your Business Here
(905)793-2202
To Reach Wider Audience
For more info Call 905-793-2202 or e-mail ads@punjabipost.ca

# ਉੱਤਰੀ ਕੋਰੀਆ ਦਾ ਜਾਸੂਸੀ ਉਪਗ੍ਰਹਿ ਸਮੁੰਦਰ ਵਿੱਚ ਡਿੱਗਿਆ



ਪਿਯੋਂਗਯੈਂਗ, 31 ਮਈ (ਪੋਸਟ ਬਿਊਰੋ):ਉੱਤਰੀ ਕੋਰੀਆ ਵੱਲੋਂ ਫੌਜੀ ਜਾਸੂਸੀ ਉਪਗ੍ਰਹਿ ਲਾਂਚ ਕਰਕੇ ਆਪਣੇ ਗੁਆਂਢੀ ਦੇਸ਼ਾਂ ਦੱਖਣੀ ਕੋਰੀਆ ਅਤੇ ਜਾਪਾਨ ਵਿੱਚ ਤਣਾਅ ਪੈਦਾ ਕਰਨ ਦੀ ਕੋਸ਼ਿਸ਼ ਫਿਲਹਾਲ ਅਸਫਲ ਰਹੀ ਹੈ। ਉੱਤਰੀ ਕੋਰੀਆ ਨੇ ਖੁਦ ਇਸ ਗੱਲ ਦੀ ਪੁਸ਼ਟੀ ਕੀਤੀ ਹੈ ਕਿ ਜਾਸੂਸੀ ਉਪਗ੍ਰਹਿ ਲਾਂਚ ਕਰਨ ਦੀ ਉਨ੍ਹਾਂ ਦੀ ਪਹਿਲੀ ਕੋਸ਼ਿਸ਼ ਅਸਫਲ ਰਹੀ ਹੈ। ਦੇਸ਼ ਦੇ ਸਰਕਾਰੀ ਮੀਡੀਆ ਨੇ ਇੱਕ ਬਿਆਨ ਵਿੱਚ ਕਿਹਾ ਕਿ ਉੱਤਰੀ ਕੋਰੀਆ ਦੇ ਜਾਸੂਸੀ ਉਪਗ੍ਰਹਿ ਨੂੰ ਲੈ ਕੇ ਜਾਣ ਵਾਲੇ ਰਾਕੇਟ ਨੇ ਪਹਿਲੇ ਅਤੇ ਦੂਜੇ ਪੜਾਅ ਦੇ ਵੱਖ ਹੋਣ ਤੋਂ ਬਾਅਦ ਰਫ਼ਤਾਰ ਗੁਆ ਦਿੱਤੀ ਅਤੇ ਕੋਰੀਆਈ ਪ੍ਰਾਇਦੀਪ ਦੇ ਪੱਛਮੀ ਤੱਟ ਤੋਂ ਦੂਰ ਸਮੁੰਦਰ ਵਿੱਚ ਡਿੱਗ ਗਿਆ। ਰਾਸ਼ਟਰ ਦੇ ਰਾਸ਼ਟਰਪਤੀ ਕਿਮ ਜੋਂਗ ਉਨ ਵੀ ਇਸ ਤੋਂ ਹੈਰਾਨ ਹਨ। ਉੱਤਰੀ ਕੋਰੀਆ ਹੁਣ ਇਹ ਪਤਾ ਲਗਾਉਣ ਦੀ ਕੋਸ਼ਿਸ਼ ਕਰ ਰਿਹਾ ਹੈ ਕਿ ਕੀ ਉਸ ਦੇ ਜਾਸੂਸੀ ਉਪਗ੍ਰਹਿ ਨੂੰ ਕਿਸੇ ਦੁਸ਼ਮਣ ਨੇ ਮਾਰਿਆ ਸੀ ਜਾਂ ਇਹ ਕਿਸੇ ਤਕਨੀਕੀ ਖਰਾਬੀ ਕਾਰਨ ਅਸਫਲ ਹੋ ਗਿਆ ਸੀ। ਵਿਗਿਆਨੀ ਉੱਤਰੀ ਕੋਰੀਆ ਦੀ ਇਸ ਮੁਹਿੰਮ ਦੇ ਅਸਫਲ ਹੋਣ ਦੇ ਕਾਰਨਾਂ ਦਾ ਪਤਾ ਲਗਾ ਰਹੇ ਹਨ। ਇਸ ਤੋਂ ਪਹਿਲਾਂ, ਦੱਖਣੀ ਕੋਰੀਆ ਦੀ ਫੌਜ ਨੇ ਕਿਹਾ ਕਿ ਉੱਤਰੀ ਕੋਰੀਆ ਦੇ ਰਾਕੇਟ ਨੇ "ਅਸਾਧਾਰਨ ਤਰੀਕੇ ਨਾਲ" ਉਡਾਣ ਭਰੀ ਅਤੇ ਫਿਰ ਸਮੁੰਦਰ ਵਿੱਚ ਡਿੱਗ ਗਿਆ। ਜੁਆਇੰਟ ਚੀਫ ਆਫ ਸਟਾਫ ਨੇ ਇਕ ਬਿਆਨ ਵਿਚ ਕਿਹਾ ਕਿ ਰਾਕੇਟ ਨੂੰ ਉੱਤਰੀ ਕੋਰੀਆ ਦੇ ਉੱਤਰੀ-ਪੱਛਮੀ ਟੋਂਗਚਾਂਗ-ਰੀ ਖੇਤਰ ਤੋਂ ਸਵੇਰੇ 6:30 ਵਜੇ ਲਾਂਚ ਕੀਤਾ ਗਿਆ ਸੀ। ਦੇਸ਼ ਦਾ ਮੁੱਖ ਪੁਲਾੜ ਲਾਂਚ ਕੇਂਦਰ ਇੱਥੇ ਸਥਿਤ ਹੈ। ਇਸ ਤੋਂ ਪਹਿਲਾਂ ਸੋਮਵਾਰ ਨੂੰ, ਜਾਪਾਨ ਦੇ ਤੱਟ ਰੱਖਿਅਕ ਨੇ ਕਿਹਾ ਕਿ ਉੱਤਰੀ ਕੋਰੀਆ ਦੇ ਜਲ ਮਾਰਗ ਅਧਿਕਾਰੀਆਂ ਦੇ ਇੱਕ ਨੋਟਿਸ ਦੇ ਅਨੁਸਾਰ, ਲਾਂਚ 31 ਮਈ ਤੋਂ 11 ਜੂਨ ਦੇ ਵਿਚਕਾਰ ਹੋ ਸਕਦਾ ਹੈ।

# ਜਰਮਨੀ ਨੇ ਮਾਸਕੋ ਦੇ ਪੰਜ ਵਿੱਚੋਂ ਚਾਰ ਰੂਸੀ ਕੌਂਸਲੇਟਾਂ ਨੂੰ ਬੰਦ ਕਰਨ ਦਾ ਦਿੱਤਾ ਹੁਕਮ



ਮਾਸਕੋ, 31 ਮਈ (ਪੋਸਟ ਬਿਊਰੋ):ਰੂਸ ਅਤੇ ਯੂਕਰੇਨ ਵਿਚਾਲੇ ਪਿਛਲੇ ਸਾਲ 24 ਫਰਵਰੀ ਨੂੰ ਸ਼ੁਰੂ ਹੋਈ ਜੰਗ ਅਜੇ ਖਤਮ ਨਹੀਂ ਹੋਈ ਹੈ। ਇਸ ਜੰਗ ਕਾਰਨ ਅਮਰੀਕਾ ਅਤੇ ਕਈ ਪੱਛਮੀ ਦੇਸ਼ ਮਾਸਕੋ ਦੀ ਖੁੱਲ੍ਹ ਕੇ ਆਲੋਚਨਾ ਕਰ ਰਹੇ ਹਨ। ਇਸ ਦੇ ਨਾਲ ਹੀ ਇਸ ਸੰਘਰਸ਼ ਵਿੱਚ ਕੀਵ ਨੂੰ ਆਰਥਿਕ ਅਤੇ ਫੌਜੀ ਮਦਦ ਵੀ ਦਿੱਤੀ ਜਾ ਰਹੀ ਹੈ। ਇਸ ਦੌਰਾਨ, ਰੂਸ ਨੇ ਜਰਮਨ ਦੂਤਾਵਾਸ ਅਤੇ ਸਬੰਧਤ ਸੰਸਥਾਵਾਂ 'ਤੇ ਕਰਮਚਾਰੀਆਂ ਦੀ ਗਿਣਤੀ 'ਤੇ ਸੀਮਾ ਨਿਰਧਾਰਤ ਕਰਨ ਦੀ ਮੰਗ ਕੀਤੀ ਹੈ। ਇਸ ਦੇ ਨਾਲ ਹੀ, ਜਵਾਬ ਵਿੱਚ, ਜਰਮਨੀ ਨੇ ਵੀ ਰੂਸ ਵਿੱਚ ਪੰਜ ਵਿੱਚੋਂ ਚਾਰ ਕੌਂਸਲੇਟ ਬੰਦ ਕਰਨ ਲਈ ਕਿਹਾ ਹੈ।

ਵਿਦੇਸ਼ ਮੰਤਰਾਲੇ ਦੇ ਬੁਲਾਰੇ ਕ੍ਰਿਸਟੋਫਰ ਬਰਗਰ ਨੇ ਬਰਲਿਨ ਵਿੱਚ ਪੱਤਰਕਾਰਾਂ ਨੂੰ ਦੱਸਿਆ ਕਿ ਇਸ ਕਦਮ ਦਾ ਉਦੇਸ਼ ਦੋਵਾਂ ਦੇਸ਼ਾਂ ਦੇ ਕਰਮਚਾਰੀਆਂ ਅਤੇ ਢਾਂਚੇ ਵਿੱਚ ਸਮਾਨਤਾ ਲਿਆਉਣਾ ਹੈ। ਰੂਸੀ ਸਰਕਾਰ ਨੇ ਹਾਲ ਹੀ ਵਿੱਚ ਕਿਹਾ ਹੈ ਕਿ ਜਰਮਨ ਸਰਕਾਰੀ ਅਧਿਕਾਰੀ, ਜਿਨ੍ਹਾਂ ਵਿੱਚ ਸੱਭਿਆਚਾਰਕ ਸੰਸਥਾਵਾਂ ਅਤੇ ਸਕੂਲਾਂ ਵਿੱਚ ਕੰਮ ਕਰਦੇ ਹਨ, ਰੂਸ ਵਿੱਚ 350 ਦੀ ਉਪਰਲੀ ਸੀਮਾ ਵਿੱਚ ਰਹਿ ਸਕਦੇ ਹਨ।

ਬਰਜਰ ਨੇ ਕਿਹਾ ਕਿ ਇਸਦਾ ਮਤਲਬ ਇਹ ਹੈ ਕਿ ਜਰਮਨੀ ਨੂੰ ਨਵੰਬਰ ਤੱਕ ਯੇਕਾਟੇਰਿਨਬਰਗ, ਨੋਵੋਸਿਬਿਰਸਕ ਅਤੇ ਕੈਲਿਨਿਨਗ੍ਰਾਦ ਵਿੱਚ ਆਪਣੇ ਕੌਂਸਲੇਟ ਬੰਦ ਕਰਨੇ ਪੈਣਗੇ। ਉਨ੍ਹਾਂ ਕਿਹਾ ਕਿ ਮਾਸਕੋ ਵਿੱਚ ਸਿਰਫ਼ ਦੂਤਾਵਾਸ ਅਤੇ ਸੇਂਟ ਪੀਟਰਸਬਰਗ ਵਿੱਚ ਕੌਂਸਲੇਟ ਖੁੱਲ੍ਹੇ ਰਹਿਣਗੇ। ਉਸਨੇ ਕਿਹਾ ਕਿ ਰੂਸ ਨੂੰ ਸਾਲ ਦੇ ਅੰਤ ਤੋਂ ਬਾਅਦ ਬਰਲਿਨ ਵਿੱਚ ਦੂਤਾਵਾਸ ਅਤੇ ਇੱਕ ਹੋਰ ਕੌਂਸਲੇਟ ਦਾ ਸੰਚਾਲਨ ਜਾਰੀ ਰੱਖਣ ਦੀ ਇਜਾਜ਼ਤ ਦਿੱਤੀ ਜਾਵੇਗੀ।

ਇਹ ਕਦਮ ਰੂਸ ਦੇ ਯੂਕਰੇਨ 'ਤੇ ਹਮਲੇ ਤੋਂ ਬਾਅਦ ਮਾਸਕੋ ਅਤੇ ਬਰਲਿਨ ਦੇ ਸਬੰਧਾਂ ਵਿੱਚ ਵਿਗੜਨ ਨੂੰ ਦਰਸਾਉਂਦਾ ਹੈ। ਬਰਗਰ ਨੇ ਕਿਹਾ ਕਿ ਇਹ ਕਦਮ ਅਫਸੋਸਜਨਕ ਸੀ, ਪਰ ਯੁੱਧ ਦਾ ਮਤਲਬ ਹੈ ਕਿ ਦੋਵਾਂ ਦੇਸ਼ਾਂ ਵਿਚਕਾਰ ਕਈ ਦੁਵੱਲੀਆਂ ਗਤੀਵਿਧੀਆਂ ਦਾ ਹੁਣ ਕੋਈ ਆਧਾਰ ਨਹੀਂ ਹੈ। ਉਨ੍ਹਾਂ ਕਿਹਾ ਕਿ ਇਹ ਰੂਸੀ ਪੱਖ ਦਾ ਵਤੀਰਾ ਹੈ ਜਿਸ ਨੇ ਸਾਨੂੰ ਇਸ ਸਥਿਤੀ ਤੱਕ ਪਹੁੰਚਾਇਆ ਹੈ। ਬਰਜਰ ਨੇ ਕਿਹਾ ਕਿ ਦੂਤਾਵਾਸ ਅਤੇ ਇੱਕ ਪ੍ਰਮੁੱਖ ਕੌਂਸਲੇਟ ਵਿੱਚ ਆਪਣੇ ਬਾਕੀ ਸਟਾਫ ਨੂੰ ਕੇਂਦਰਿਤ ਕਰਨ ਦੇ ਜਰਮਨੀ ਦੇ ਫੈਸਲੇ ਨਾਲ ਇਸ ਨੂੰ ਰੂਸ ਵਿੱਚ ਕੂਟਨੀਤਕ ਮੌਜੂਦਗੀ ਬਰਕਰਾਰ ਰੱਖਣ ਦੀ ਇਜਾਜ਼ਤ ਮਿਲੇਗੀ।

# ਇਮਰਾਨ ਨੂੰ ਭ੍ਰਿਸ਼ਟਾਚਾਰ ਵਿਰੋਧੀ ਅਦਾਲਤ ਤੋਂ ਮਿਲੀ ਰਾਹਤ, 19 ਜੂਨ ਤੱਕ ਮਿਲੀ ਜ਼ਮਾਨਤ



ਇਸਲਾਮਾਬਾਦ, 31 ਮਈ (ਪੋਸਟ ਬਿਊਰੋ):ਪਾਕਿਸਤਾਨ ਦੀ ਇਕ ਭ੍ਰਿਸ਼ਟਾਚਾਰ ਵਿਰੋਧੀ ਅਦਾਲਤ ਨੇ ਬੁੱਧਵਾਰ ਨੂੰ ਸਾਬਕਾ ਪ੍ਰਧਾਨ ਮੰਤਰੀ ਇਮਰਾਨ ਖਾਨ ਨੂੰ ਅਲ-ਕਾਦਿਰ ਟਰੱਸਟ ਮਾਮਲੇ 'ਚ 19 ਜੂਨ ਤੱਕ ਜ਼ਮਾਨਤ ਦੇ ਦਿੱਤੀ ਹੈ। ਇਹ 50 ਅਰਬ ਰੁਪਏ ਤੋਂ ਵੱਧ ਦੇ ਕਥਿਤ ਭ੍ਰਿਸ਼ਟਾਚਾਰ ਨਾਲ ਸਬੰਧਤ ਮਾਮਲਾ ਹੈ।

ਖਾਨ ਫਿਰ ਇਸਲਾਮਾਬਾਦ ਦੀ ਇੱਕ ਜਵਾਬਦੇਹੀ ਅਦਾਲਤ ਵਿੱਚ ਪੇਸ਼ ਹੋਏ ਜਦੋਂ ਹਾਈ ਕੋਰਟ ਨੇ ਦਿਨ ਪਹਿਲਾਂ ਪਾਕਿਸਤਾਨ ਤਹਿਰੀਕ-ਏ-ਇਨਸਾਫ (ਪੀਟੀਆਈ) ਦੇ ਮੁਖੀ ਦੀ ਸੁਰੱਖਿਆਤਮਕ ਜ਼ਮਾਨਤ ਵਿੱਚ ਤਿੰਨ ਦਿਨ ਦਾ ਵਾਧਾ ਕੀਤਾ ਅਤੇ ਉਸ ਨੂੰ ਇਸ ਦੇ ਅੰਦਰ ਭ੍ਰਿਸ਼ਟਾਚਾਰ ਵਿਰੋਧੀ ਅਦਾਲਤ ਤੋਂ ਜ਼ਮਾਨਤ ਮੰਗਣ ਲਈ ਕਿਹਾ।

ਜਵਾਬਦੇਹੀ ਅਦਾਲਤ ਦੇ ਜੱਜ ਮੁਹੰਮਦ ਬਸ਼ੀਰ ਨੇ ਸੁਣਵਾਈ ਦੀ ਪ੍ਰਧਾਨਗੀ ਕਰਦਿਆਂ ਖਾਨ ਨੂੰ ਪੰਜ ਲੱਖ ਰੁਪਏ ਦੀ ਜ਼ਮਾਨਤ 'ਤੇ 19 ਜੂਨ ਤੱਕ ਜ਼ਮਾਨਤ ਦੇ ਦਿੱਤੀ। ਇਸ ਤੋਂ ਪਹਿਲਾਂ, ਖਾਨ ਲਾਹੌਰ ਤੋਂ ਰਾਜਧਾਨੀ ਪਹੁੰਚਿਆ ਅਤੇ ਪਹਿਲਾਂ ਇਸਲਾਮਾਬਾਦ ਹਾਈ ਕੋਰਟ ਵਿੱਚ ਪੇਸ਼ ਹੋਇਆ ਜਿੱਥੇ ਜਸਟਿਸ ਮੀਆਂਗੁਲ ਹਸਨ ਔਰੰਗਜ਼ੇਬ ਅਤੇ ਜਸਟਿਸ ਸਮਾਨ ਰਿਫਤ ਇਮਤਿਆਜ਼ ਨੇ ਉਸਨੂੰ ਜ਼ਮਾਨਤ ਲਈ ਭ੍ਰਿਸ਼ਟਾਚਾਰ ਵਿਰੋਧੀ ਅਦਾਲਤ ਵਿੱਚ ਜਾਣ ਦੇ ਨਿਰਦੇਸ਼ ਦੇ ਨਾਲ ਤਿੰਨ ਦਿਨਾਂ ਦੀ ਸੁਰੱਖਿਆਤਮਕ ਜ਼ਮਾਨਤ ਦਿੱਤੀ।

ਅਦਾਲਤ ਨੇ ਇਸ ਤੋਂ ਪਹਿਲਾਂ 17 ਮਈ ਨੂੰ ਉਸ ਨੂੰ 31 ਮਈ ਤੱਕ ਜ਼ਮਾਨਤ ਦਿੱਤੀ ਸੀ। ਕਥਿਤ ਭ੍ਰਿਸ਼ਟਾਚਾਰ ਮਾਮਲੇ 'ਚ ਖਾਨ ਦੇ ਵਕੀਲ ਖਵਾਜਾ ਹੈਰਿਸ ਅਦਾਲਤ 'ਚ ਮੌਜੂਦ ਸਨ, ਜਦਕਿ ਰਾਸ਼ਟਰੀ ਜਵਾਬਦੇਹੀ ਬਿਊਰੋ (ਐੱਨਏਬੀ) ਦੀ ਨੁਮਾਇੰਦਗੀ ਸਰਕਾਰੀ ਵਕੀਲ ਮੁਜ਼ਫਰ ਅੱਬਾਸੀ ਨੇ ਕੀਤੀ ਸੀ, ਜਿਸ ਕਾਰਨ ਖਾਨ ਨੂੰ 9 ਮਈ ਨੂੰ ਇਸਲਾਮਾਬਾਦ ਹਾਈ ਕੋਰਟ ਦੇ ਅਹਾਤੇ 'ਚ ਗ੍ਰਿਫਤਾਰ ਕੀਤਾ ਗਿਆ ਸੀ।

# ਪਹਿਲਵਾਨਾਂ ਦੇ ਸਮਰਥਨ ’ਚ ਸੜਕ ’ਤੇ ਆਈ ਮਮਤਾ ਬੈਨਰਜੀ, ਵਫ਼ਦ ਜਲਦੀ ਜਾਵੇਗਾ ਮਿਲਣ




ਕਲਕੱਤਾ, 31 ਮਈ (ਪੋਸਟ ਬਿਊਰੋ): ਪੱਛਮੀ ਬੰਗਾਲ ਦੀ ਮੁੱਖ ਮੰਤਰੀ ਮਮਤਾ ਬੈਨਰਜੀ ਬੁੱਧਵਾਰ ਨੂੰ ਪਹਿਲਵਾਨਾਂ ਦੇ ਸਮਰਥਨ 'ਚ ਕੋਲਕਾਤਾ ਦੀਆਂ ਸੜਕਾਂ 'ਤੇ ਉਤਰ ਆਈ। ਉਨ੍ਹਾਂ ਦੇ ਨਾਲ ਕਈ ਮੰਤਰੀ ਅਤੇ ਕਈ ਮੌਜੂਦਾ ਅਤੇ ਸਾਬਕਾ ਖਿਡਾਰੀ ਵੀ ਇਸ ਮਾਰਚ ਵਿੱਚ ਹਿਸਾ ਲੈ ਰਹੇ ਹਨ। ਮੁੱਖ ਮੰਤਰੀ ਮਮਤਾ ਬੈਨਰਜੀ ਹੱਥਾਂ 'ਚ 'ਵੀ ਵਾਂਟ ਜਸਟਿਸ' ਦਾ ਬੋਰਡ ਲੈ ਕੇ ਜਾ ਰਹੀ ਹੈ। ਇਹ ਰੈਲੀ ਹਜ਼ਾਰਾ ਤੋਂ ਰਵਿੰਦਰ ਸਰੋਵਰ ਤੱਕ ਜਾਵੇਗੀ। ਮਮਤਾ ਨੇ ਕੱਲ੍ਹ ਹੀ ਪ੍ਰਦਰਸ਼ਨ ਕਰ ਰਹੇ ਪਹਿਲਵਾਨਾਂ ਨੂੰ ਆਪਣਾ ਸਮਰਥਨ ਦਿੱਤਾ ਸੀ। ਉਸ ਨੇ ਕਿਹਾ ਸੀ, 'ਸਾਡੇ ਪਹਿਲਵਾਨਾਂ ਨੂੰ ਕੁੱਟਿਆ ਗਿਆ ਅਤੇ ਤਸੀਹੇ ਦਿੱਤੇ ਗਏ।

ਮਮਤਾ ਬੈਨਰਜੀ ਨੇ ਕਿਹਾ ਕਿ ਉਨ੍ਹਾਂ ਨੇ ਪਹਿਲਵਾਨਾਂ ਨਾਲ ਗੱਲ ਕੀਤੀ ਅਤੇ ਉਨ੍ਹਾਂ ਨੂੰ ਆਪਣਾ ਸਮਰਥਨ ਦਿੱਤਾ। ਅਸੀਂ ਉਨ੍ਹਾਂ ਨਾਲ ਇਕਜੁੱਟਤਾ ਪ੍ਰਗਟ ਕਰਦੇ ਹਾਂ। ਉਨ੍ਹਾਂ ਸਵਾਲ ਕੀਤਾ ਕਿ ਇਕ ਵਿਅਕਤੀ 'ਤੇ ਜਿਸਮਾਨੀ ਹਮਲੇ ਦਾ ਦੋਸ਼ ਹੈ, ਉਸ ਨੂੰ ਗ੍ਰਿਫਤਾਰ ਕਿਉਂ ਨਹੀਂ ਕੀਤਾ ਜਾ ਰਿਹਾ। ਬਹੁਤ ਜਲਦ ਤ੍ਰਿਣਮੂਲ ਕਾਂਗਰਸ ਦਾ ਇੱਕ ਵਫ਼ਦ ਅੰਦੋਲਨਕਾਰੀ ਖਿਡਾਰੀਆਂ ਨਾਲ ਮੁਲਾਕਾਤ ਕਰੇਗਾ।

ਪਹਿਲਵਾਨਾਂ ਨਾਲ ਇਕਜੁੱਟਤਾ ਦੇ ਪ੍ਰਦਰਸ਼ਨ ਵਿੱਚ, ਭਾਰਤ ਦੇ ਸਾਬਕਾ ਮਿਡਫੀਲਡਰ ਮਹਿਤਾਬ ਹੁਸੈਨ ਬੁੱਧਵਾਰ ਨੂੰ ਪੱਛਮੀ ਬੰਗਾਲ ਦੇ ਮੁੱਖ ਮੰਤਰੀ ਦੀ ਅਗਵਾਈ ਵਿੱਚ ਸ਼ਹਿਰ ਵਿੱਚ ਇੱਕ ਰੋਸ ਮਾਰਚ ਵਿੱਚ ਸ਼ਾਮਲ ਹੋਏ। ਪੂਰਬੀ ਬੰਗਾਲ ਦੇ ਸਾਬਕਾ ਮਿਡਫੀਲਡਰ ਨੇ ਕਿਹਾ ਕਿ ਜਦੋਂ ਉਨ੍ਹਾਂ ਹੀ ਐਥਲੀਟਾਂ ਨੇ ਤੁਹਾਨੂੰ ਉਲੰਪਿਕ ਮੈਡਲ ਦਿਵਾਏ ਤਾਂ ਪ੍ਰਧਾਨ ਮੰਤਰੀ ਕੋਲ ਉਨ੍ਹਾਂ ਦੀ ਚਾਹ 'ਤੇ ਮੇਜ਼ਬਾਨੀ ਕਰਨ ਅਤੇ ਫੋਟੋਆਂ ਖਿੱਚਣ ਦਾ ਸਮਾਂ ਸੀ। ਜੇਕਰ ਪ੍ਰਧਾਨ ਮੰਤਰੀ ਨੇ ਉਨ੍ਹਾਂ ਦੀਆਂ ਦਲੀਲਾਂ ਸੁਣਨ ਲਈ ਪੰਜ ਮਿੰਟ ਦਿੱਤੇ ਹੁੰਦੇ ਤਾਂ ਡਰਾਮਾ ਇਸ ਮੁਕਾਮ 'ਤੇ ਨਾ ਪਹੁੰਚਦਾ। ਮਹਿਤਾਬ ਦੇ ਨਾਲ ਈਸਟ ਬੰਗਾਲ ਦੇ ਕਰੀਬ 20 ਸਾਬਕਾ ਖਿਡਾਰੀ ਅਤੇ ਅਧਿਕਾਰੀ ਵੀ ਸਨ।

# ਛੱਤੀਸਗੜ੍ਹ ਦੇ ਜਸ਼ਪੁਰ ’ਚ ਆਟੋ ਰਿਕਸ਼ਾ ਖਾਈ ’ਚ ਡਿੱਗਾ, 4 ਦੀ ਮੌਤ




ਛੱਤੀਸਗੜ੍ਹ, 31 ਮਈ (ਪੋਸਟ ਬਿਊਰੋ):ਛੱਤੀਸਗੜ੍ਹ ਦੇ ਜਸ਼ਪੁਰ ਜ਼ਿਲ੍ਹੇ ਵਿੱਚ ਬੁੱਧਵਾਰ ਨੂੰ ਇੱਕ ਆਟੋ ਰਿਕਸ਼ਾ ਖੱਡ ਵਿੱਚ ਡਿੱਗਣ ਕਾਰਨ ਚਾਰ ਲੋਕਾਂ ਦੀ ਮੌਤ ਹੋ ਗਈ। ਇੱਕ ਪੁਲਿਸ ਅਧਿਕਾਰੀ ਨੇ ਦੱਸਿਆ ਕਿ ਜਸ਼ਪੁਰ ਜ਼ਿਲ੍ਹੇ ਵਿੱਚ, ਕੁਝ ਲੋਕ ਇੱਕ ਆਟੋਰਿਕਸ਼ਾ ਵਿੱਚ ਇੱਕ ਵਿਆਹ ਸਮਾਗਮ ਤੋਂ ਵਾਪਸ ਆ ਰਹੇ ਸਨ ਜਦੋਂ ਤਿੰਨ ਪਹੀਆ ਵਾਹਨ 50 ਫੁੱਟ ਡੂੰਘੀ ਖੱਡ ਵਿੱਚ ਡਿੱਗ ਗਿਆ, ਜਿਸ ਨਾਲ ਜਸ਼ਪੁਰ ਜ਼ਿਲ੍ਹੇ ਵਿੱਚ ਇੱਕ ਜੋੜੇ ਸਮੇਤ ਚਾਰ ਲੋਕਾਂ ਦੀ ਮੌਤ ਹੋ ਗਈ।

ਅਧਿਕਾਰੀ ਨੇ ਦੱਸਿਆ ਕਿ ਸਨਾ ਖੇਤਰ ਦੀ ਕਰਦਾਨਾ ਘਾਟੀ 'ਚ ਅੱਜ ਦੁਪਹਿਰ ਨੂੰ ਵਾਪਰੇ ਇਸ ਹਾਦਸੇ 'ਚ ਵਾਹਨ 'ਚ ਸਵਾਰ ਅੱਠ ਸਾਲਾ ਬੱਚੇ ਸਮੇਤ ਦੋ ਲੋਕ ਗੰਭੀਰ ਰੂਪ ਨਾਲ ਜ਼ਖਮੀ ਹੋ ਗਏ। ਉਨ੍ਹਾਂ ਦੱਸਿਆ ਕਿ ਮ੍ਰਿਤਕਾਂ ਦੀ ਪਛਾਣ ਆਟੋ ਰਿਕਸ਼ਾ ਦੇ ਮਾਲਕ ਅਤੇ ਡਰਾਈਵਰ ਬੁੱਧਨਾਥ ਰਾਮ, ਉਸ ਦੀ ਪਤਨੀ ਫੂਲਮਤੀ ਅਤੇ ਸੇਵੰਤੀ ਅਤੇ ਬ੍ਰਿਹਸਪਤੀ ਬਾਈ ਵਜੋਂ ਹੋਈ ਹੈ।


ਮੁੱਢਲੀ ਜਾਣਕਾਰੀ ਅਨੁਸਾਰ ਬੁਧਨਾਥ ਰਾਮ, ਉਸ ਦੀ ਪਤਨੀ ਅਤੇ ਚਾਰ ਹੋਰ ਵਿਅਕਤੀ ਨਜ਼ਦੀਕੀ ਪਿੰਡ ਸੋਨਕਿਆਰੀ ਵਿਖੇ ਇੱਕ ਵਿਆਹ ਸਮਾਗਮ ਵਿੱਚ ਸ਼ਾਮਲ ਹੋ ਕੇ ਥ੍ਰੀ-ਵ੍ਹੀਲਰ ਵਿੱਚ ਸਵਾਰ ਹੋ ਕੇ ਆਪਣੇ ਜੱਦੀ ਪਿੰਡ ਕਰਦਾਨਾ ਨੂੰ ਪਰਤ ਰਹੇ ਸਨ। ਉਨ੍ਹਾਂ ਦੱਸਿਆ ਕਿ ਜਦੋਂ ਉਹ ਪਿੰਡ ਚਤੌਰੀ ਕਾਪੂਕੋਣਾ ਨੇੜੇ ਪਹੁੰਚੇ ਤਾਂ ਡਰਾਈਵਰ (ਬੁੱਢਾ ਨਾਥ ਰਾਮ) ਗੱਡੀ ਤੋਂ ਕੰਟਰੋਲ ਗੁਆ ਬੈਠਾ ਅਤੇ 50 ਫੁੱਟ ਡੂੰਘੀ ਖੱਡ ਵਿੱਚ ਜਾ ਡਿੱਗਾ।

ਅਧਿਕਾਰੀ ਨੇ ਦੱਸਿਆ ਕਿ ਤਿੰਨ ਲੋਕਾਂ ਦੀ ਮੌਕੇ 'ਤੇ ਹੀ ਮੌਤ ਹੋ ਗਈ, ਜਦਕਿ ਚੌਥੇ ਵਿਅਕਤੀ ਦੀ ਜਸ਼ਪੁਰ ਜ਼ਿਲਾ ਹਸਪਤਾਲ 'ਚ ਇਲਾਜ ਦੌਰਾਨ ਮੌਤ ਹੋ ਗਈ। ਉਨ੍ਹਾਂ ਦੱਸਿਆ ਕਿ ਦੋ ਜ਼ਖ਼ਮੀਆਂ ਦੀ ਨਾਜ਼ੁਕ ਹਾਲਤ ਨੂੰ ਦੇਖਦੇ ਹੋਏ ਉਨ੍ਹਾਂ ਨੂੰ ਗੁਆਂਢੀ ਸਰਗੁਜਾ ਜ਼ਿਲ੍ਹੇ ਦੇ ਅੰਬਿਕਾਪੁਰ ਮੈਡੀਕਲ ਕਾਲਜ ਅਤੇ ਹਸਪਤਾਲ ਲਿਜਾਇਆ ਗਿਆ।



ਬੀਤੇ ਦਿਨ ਪੰਜਾਬ ਪੁਲਿਸ ਨੇ ਅੱਜ ਸੂਬੇ ਭਰ ਦੇ ਸਾਰੇ ਬੱਸ ਸਟੈਂਡਾਂ ਅਤੇ ਰੇਲਵੇ ਸਟੇਸ਼ਨਾਂ ਦੇ ਆਲੇ-ਦੁਆਲੇ ਵਿਸ਼ੇਸ਼ ਘੇਰਾਬੰਦੀ ਅਤੇ ਤਲਾਸ਼ੀ ਅਭਿਆਨ (ਸੀਏਐਸਓ) ਚਲਾਇਆ। ਇਹ ਅਭਿਆਨ ਡਾਇਰੈਕਟਰ ਜਨਰਲ ਆਫ਼ ਪੁਲਿਸ (ਡੀਜੀਪੀ) ਪੰਜਾਬ ਗੌਰਵ ਯਾਦਵ ਦੇ ਨਿਰਦੇਸ਼ਾਂ 'ਤੇ ਚਲਾਇਆ ਗਿਆ ਸੀ। ਇਹ ਅਭਿਆਨ ਸਾਰੇ 28 ਪੁਲਿਸ ਜ਼ਿਲ੍ਹਿਆਂ ਵਿੱਚ ਇੱਕੋ ਸਮੇਂ ਸਵੇਰੇ 11 ਵਜੇ ਤੋਂ ਸ਼ਾਮ 4 ਵਜੇ ਤੱਕ ਚਲਾਇਆ ਗਿਆ, ਜਿਸ ਤਹਿਤ ਪੁਲਿਸ ਟੀਮਾਂ ਨੇ ਸੁੰਘਣ ਵਾਲੇ ਕੁੱਤਿਆਂ ਦੀ ਸਹਾਇਤਾ ਨਾਲ ਰੇਲਵੇ ਸਟੇਸ਼ਨਾਂ ਅਤੇ ਬੱਸ ਸਟੈਂਡਾਂ 'ਤੇ ਆਉਣ-ਜਾਣ ਵਾਲੇ ਲੋਕਾਂ ਦੀ ਤਲਾਸ਼ੀ ਲਈ। ਸਪੈਸ਼ਲ ਡਾਇਰੈਕਟਰ ਜਨਰਲ ਆਫ਼ ਪੁਲਿਸ (ਸਪੈਸ਼ਲ ਡੀਜੀਪੀ) ਕਾਨੂੰਨ ਅਤੇ ਵਿਵਸਥਾ ਅਰਪਿਤ ਸੁਕਲਾ, ਜੋ ਨਿੱਜੀ ਤੌਰ 'ਤੇ ਇਸ ਸੂਬਾ ਪੱਧਰੀ ਅਭਿਆਨ ਦੀ ਨਿਗਰਾਨੀ ਕਰ ਰਹੇ ਸਨ।

# ਬ੍ਰਿਜ ਭੂਸ਼ਣ ’ਤੇ ਲੱਗੇ ਦੋਸ਼ਾਂ ’ਤੇ ਜਾਂਚ ਪੂਰੀ ਹੋਣ ਤੋਂ ਬਾਅਦ ਹੋਵੇਗੀ ਕਾਰਵਾਈ : ਰਾਜਨਾਥ ਸਿੰਘ



ਨਵੀਂ ਦਿੱਲੀ, 31 ਮਈ (ਪੋਸਟ ਬਿਊਰੋ): ਰੱਖਿਆ ਮੰਤਰੀ ਰਾਜਨਾਥ ਸਿੰਘ ਨੇ ਬੁੱਧਵਾਰ ਨੂੰ ਕਿਹਾ ਕਿ ਭਾਰਤੀ ਕੁਸ਼ਤੀ ਮਹਾਸੰਘ (ਡਬਲਿਊਐੱਫਆਈ) ਦੇ ਪ੍ਰਧਾਨ ਬ੍ਰਿਜ ਭੂਸ਼ਣ ਸ਼ਰਨ ਸਿੰਘ ਖਿਲਾਫ ਮਹਿਲਾ ਪਹਿਲਵਾਨਾਂ ਦੀ ਸ਼ਿਕਾਇਤ ਦੀ ਜਾਂਚ ਕੀਤੀ ਜਾ ਰਹੀ ਹੈ ਅਤੇ ਜਾਂਚ ਪੂਰੀ ਹੋਣ ਤੋਂ ਬਾਅਦ ਕਾਰਵਾਈ ਕੀਤੀ ਜਾਵੇਗੀ। ਰੱਖਿਆ ਮੰਤਰੀ ਰਾਜਨਾਥ ਸਿੰਘ ਆਜ਼ਮਗੜ੍ਹ ਜ਼ਿਲ੍ਹੇ ਦੀ ਬੁੱਢਣਪੁਰ ਤਹਿਸੀਲ ਦੇ ਪਿੰਡ ਭੈਰੋਪੁਰ ਵਿੱਚ ਆਪਣੇ ਇੱਕ ਪਰਿਵਾਰਕ ਪ੍ਰੋਗਰਾਮ ਤੋਂ ਬਾਅਦ ਪੱਤਰਕਾਰਾਂ ਦੇ ਸਵਾਲਾਂ ਦੇ ਜਵਾਬ ਦੇ ਰਹੇ ਸਨ। ਉਨ੍ਹਾਂ ਕਿਹਾ ਕਿ 2024 ਵਿੱਚ ਵੀ ਕੇਂਦਰ ਵਿੱਚ ਕੌਮੀ ਜਮਹੂਰੀ ਗਠਜੋੜ ਦੀ ਸਰਕਾਰ ਬਣੇਗੀ। ਉਨ੍ਹਾਂ ਕਿਹਾ ਕਿ ਪਿਛਲੇ 10 ਸਾਲਾਂ 'ਚ ਵੱਡੀ ਪੱਧਰ 'ਤੇ ਬੇਰੁਜ਼ਗਾਰੀ ਨੂੰ ਦੂਰ ਕੀਤਾ ਗਿਆ ਹੈ ਅਤੇ ਅੱਜ ਦੇਸ਼ ਦਾ ਨੌਜਵਾਨ ਉਤਸ਼ਾਹਿਤ ਹੈ।

ਰੱਖਿਆ ਮੰਤਰੀ ਨੇ ਕਿਹਾ ਕਿ ਦੇਸ਼ ਦੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੀ ਅਗਵਾਈ ਵਾਲੀ ਸਰਕਾਰ ਤੋਂ ਆਮ ਆਦਮੀ ਨੂੰ ਰਾਹਤ ਮਿਲੀ ਹੈ ਅਤੇ ਪਿਛਲੀਆਂ ਸਰਕਾਰਾਂ ਦੇ ਮੁਕਾਬਲੇ ਬੇਰੁਜ਼ਗਾਰੀ ਦੇ ਘੱਟ ਅੰਕੜੇ ਸਾਹਮਣੇ ਆਏ ਹਨ, ਜਿਸ ਵਿੱਚ ਬੇਰੁਜ਼ਗਾਰਾਂ ਨੂੰ ਵੱਡੀ ਪੱਧਰ 'ਤੇ ਰੁਜ਼ਗਾਰ ਮਿਲਿਆ ਹੈ। ਅੱਜ ਦੇਸ਼ ਦਾ ਨੌਜਵਾਨ ਉਤਸ਼ਾਹਿਤ ਹੈ। ਉਨ੍ਹਾਂ ਕਿਹਾ ਕਿ ਸਰਕਾਰ ਦੀਆਂ ਲੋਕ ਭਲਾਈ ਨੀਤੀਆਂ ਦਾ ਲਾਭ ਸਭ ਨੂੰ ਮਿਲਿਆ ਹੈ ਅਤੇ ਸਭ ਦਾ ਵਿਕਾਸ ਹੋਇਆ ਹੈ। ਉਨ੍ਹਾਂ ਕਿਹਾ ਕਿ ਸਰਕਾਰ ਆਪਣੀ ਜ਼ਿੰਮੇਵਾਰੀ ਬਾਖੂਬੀ ਨਿਭਾ ਰਹੀ ਹੈ, ਇਸ ਲਈ 2024 ਵਿੱਚ ਹੋਣ ਵਾਲੀਆਂ ਲੋਕ ਸਭਾ ਚੋਣਾਂ ਵਿੱਚ ਐਨਡੀਏ ਨੂੰ ਪੂਰਨ ਬਹੁਮਤ ਹਾਸਿਲ ਕਰਕੇ ਮੁੜ ਐਨ।ਡੀ।ਏ ਦੀ ਸਰਕਾਰ ਬਣੇਗੀ।

ਪ੍ਰਦਰਸ਼ਨ ਕਰ ਰਹੇ ਪਹਿਲਵਾਨਾਂ ਦੇ ਸਵਾਲ 'ਤੇ ਉਨ੍ਹਾਂ ਕਿਹਾ ਕਿ ਇਸ ਪੂਰੇ ਘਟਨਾਕ੍ਰਮ ਦੀ ਜਾਂਚ ਚੱਲ ਰਹੀ ਹੈ, ਜਾਂਚ ਤੋਂ ਬਾਅਦ ਹੀ ਸਰਕਾਰ ਕੋਈ ਫੈਸਲਾ ਲਵੇਗੀ। ਨਵੇਂ ਸੰਸਦ ਭਵਨ ਦੇ ਉਦਘਾਟਨ ਸਮਾਰੋਹ ਬਾਰੇ ਪੁੱਛੇ ਸਵਾਲ 'ਤੇ ਰੱਖਿਆ ਮੰਤਰੀ ਨੇ ਕਿਹਾ ਕਿ ਇਹ ਸੰਸਦ ਦਾ ਸੈਸ਼ਨ ਨਹੀਂ, ਸਗੋਂ ਇੱਕ ਜਨਤਕ ਸਮਾਗਮ ਸੀ, ਜਿਸ ਵਿੱਚ ਸਾਰੀਆਂ ਸਿਆਸੀ ਪਾਰਟੀਆਂ ਨੂੰ ਹਿੱਸਾ ਲੈਣਾ ਚਾਹੀਦਾ ਸੀ ਕਿਉਂਕਿ ਇਹ ਦੇਸ਼ ਲਈ ਮਾਣ ਵਾਲੀ ਗੱਲ ਸੀ।

# 37 ਕਰੋੜ ਰੁਪਏ ਦੀ ਸੀਜੀਐਸਟੀ ਚੋਰੀ ਦਾ ਪਤਾ ਲੱਗਾ, ਕਾਰੋਬਾਰੀ ਗ੍ਰਿਫਤਾਰ




ਅਹਿਮਦਾਬਾਦ, 31 ਮਈ (ਪੋਸਟ ਬਿਊਰੋ): ਕੇਂਦਰੀ ਵਸਤੂ ਅਤੇ ਸੇਵਾ ਕਰ (ਸੀਜੀਐਸਟੀ) ਕਮਿਸ਼ਨਰੇਟ ਨੇ 10 ਫਰਜ਼ੀ ਫਰਮਾਂ ਨਾਲ 36.95 ਕਰੋੜ ਰੁਪਏ ਦੀ ਜੀਐਸਟੀ ਚੋਰੀ ਦਾ ਪਤਾ ਲਗਾਉਣ ਤੋਂ ਬਾਅਦ ਇੱਕ ਵਪਾਰੀ ਨੂੰ 7.22 ਕਰੋੜ ਰੁਪਏ ਦਾ ਜਾਅਲੀ ਇਨਪੁਟ ਟੈਕਸ ਕ੍ਰੈਡਿਟ (ਆਈਟੀਸੀ) ਲੈਣ ਦੇ ਦੋਸ਼ ਵਿੱਚ ਅਹਿਮਦਾਬਾਦ ਤੋਂ ਗ੍ਰਿਫਤਾਰ ਕੀਤਾ ਗਿਆ ਸੀ। ਸੀਜੀਐਸਟੀ ਕਮਿਸ਼ਨਰੇਟ ਨੇ ਬੁੱਧਵਾਰ ਨੂੰ ਇਹ ਜਾਣਕਾਰੀ ਦਿੱਤੀ।

ਸੀਜੀਐਸਟੀ ਅਹਿਮਦਾਬਾਦ ਦੱਖਣੀ ਕਮਿਸ਼ਨਰੇਟ ਦੀ ਰੋਕਥਾਮ ਸ਼ਾਖਾ ਨੇ ਫਰਮਾਂ ਦੀ ਇੱਕ ਲੜੀ ਰਾਹੀਂ ਚਲਾਨ ਕਰਕੇ ਜਾਅਲੀ ਇਨਪੁਟ ਟੈਕਸ ਕ੍ਰੈਡਿਟ ਪਾਸ ਕਰਨ ਵਿੱਚ ਸ਼ਾਮਲ ਜਾਅਲੀ ਫਰਮਾਂ ਦੇ ਇੱਕ ਜਾਲ ਦਾ ਪਤਾ ਲਗਾਇਆ। ਸੀਜੀਐਸਟੀ ਕਮਿਸ਼ਨਰੇਟ, ਅਹਿਮਦਾਬਾਦ ਸਾਊਥ, ਨੇ ਇੱਕ ਰੀਲੀਜ਼ ਵਿੱਚ ਕਿਹਾ ਕਿ ਜਾਂਚ ਦੌਰਾਨ, 205.27 ਕਰੋੜ ਰੁਪਏ ਦੇ ਟੈਕਸਯੋਗ ਮੁੱਲ ਦੇ ਨਾਲ 36.95 ਕਰੋੜ ਰੁਪਏ ਦੀ ਜੀਐਸਟੀ (ਗੁਡਸ ਐਂਡ ਸਰਵਿਸਿਜ਼ ਟੈਕਸ) ਦੀ ਚੋਰੀ ਦਾ ਪਤਾ ਲਗਾਇਆ ਗਿਆ, ਜਿਸ ਵਿੱਚ ਦਸ ਸ਼ੈੱਲ ਕੰਪਨੀਆਂ ਸ਼ਾਮਲ ਸਨ। ਆਸ਼ਾਪੁਰਾ ਟਰੇਡਰਜ਼ ਦੇ ਮਾਲਕ ਵਿਹੋਲ ਵਿਰਮਜੀ ਨੂੰ 29 ਮਈ ਨੂੰ ਕਥਿਤ ਤੌਰ 'ਤੇ 7.22 ਕਰੋੜ ਰੁਪਏ ਦੇ ਜਾਅਲੀ ਇਨਪੁਟ ਟੈਕਸ ਕ੍ਰੈਡਿਟ ਲੈਣ ਅਤੇ ਵਰਤਣ ਦੇ ਦੋਸ਼ ਵਿੱਚ ਗ੍ਰਿਫਤਾਰ ਕੀਤਾ ਗਿਆ ਸੀ। ਉਸ ਨੂੰ ਇੱਥੇ ਇਕ ਮੈਟਰੋਪੋਲੀਟਨ ਅਦਾਲਤ ਵਿੱਚ ਪੇਸ਼ ਕੀਤਾ ਗਿਆ। ਅਦਾਲਤ ਨੇ ਉਸ ਨੂੰ 13 ਜੂਨ ਤੱਕ ਨਿਆਂਇਕ ਹਿਰਾਸਤ ਵਿੱਚ ਭੇਜ ਦਿੱਤਾ ਹੈ।

ਰੀਲੀਜ਼ ਵਿੱਚ ਕਿਹਾ ਗਿਆ ਹੈ ਕਿ ਸੀਜੀਐਸਟੀ ਅਹਿਮਦਾਬਾਦ ਦੱਖਣੀ ਕਮਿਸ਼ਨਰੇਟ ਦੀ ਰੋਕਥਾਮ ਸ਼ਾਖਾ ਨੇ ਉਨ੍ਹਾਂ ਫਰਮਾਂ ਦੇ ਖਿਲਾਫ ਜਾਂਚ ਸ਼ੁਰੂ ਕਰ ਦਿੱਤੀ ਹੈ ਜੋ ਮਾਲ ਦੀ ਅਸਲ ਰਸੀਦ ਤੋਂ ਬਿਨਾਂ ਜਾਅਲੀ ਇਨਪੁਟ ਟੈਕਸ ਕ੍ਰੈਡਿਟ ਪ੍ਰਾਪਤ ਕਰਨ ਅਤੇ ਵਰਤੋਂ ਵਿੱਚ ਸ਼ਾਮਲ ਹਨ। ਇਹ ਕੰਪਨੀਆਂ ਮੁੱਖ ਤੌਰ 'ਤੇ ਸਕਰੈਪ ਦੇ ਵਪਾਰ ਵਿੱਚ ਸ਼ਾਮਲ ਸਨ। ਇਸ ਤੋਂ ਇਲਾਵਾ, ਸ਼ੱਕੀ/ਜਾਅਲੀ ਜੀਐਸਟੀ ਰਜਿਸਟ੍ਰੇਸ਼ਨਾਂ ਦਾ ਪਤਾ ਲਗਾਉਣ ਲਈ ਇਸ ਸਮੇਂ ਦੇਸ਼ ਭਰ ਵਿੱਚ ਇੱਕ ਵਿਸ਼ੇਸ਼ ਮੁਹਿੰਮ ਚਲਾਈ ਜਾ ਰਹੀ ਹੈ।

# ਵਿਧਾਨਸਭਾ ਸਪੀਕਰ ਨੇ ਅਧਿਕਾਰੀਆਂ ਨੂੰ ਫ਼ਿਰੋਜ਼ਪੁਰ ਮਿਰਚ ਪੱਟੀ ਦੇ ਕਿਸਾਨਾਂ ਲਈ ਪ੍ਰੋਸੈਸਿੰਗ ਪਲਾਂਟ ਲਾਉਣ ਦੀਆਂ ਸੰਭਾਵਨਾਵਾਂ ਤਲਾਸ਼ਣ ਲਈ ਆਖਿਆ



ਚੰਡੀਗੜ੍ਹ, 31 ਮਈ (ਪੋਸਟ ਬਿਊਰੋ): ਪੰਜਾਬ ਵਿਧਾਨ ਸਭਾ ਦੇ ਸਪੀਕਰ ਕੁਲਤਾਰ ਸਿੰਘ ਸੰਧਵਾਂ ਨੇ ਖੇਤੀਬਾੜੀ ਵਿਭਾਗ, ਪੰਜਾਬ ਮੰਡੀ ਬੋਰਡ ਅਤੇ ਪੰਜਾਬ ਐਗਰੋ ਐਕਸਪੋਰਟ ਕਾਰਪੋਰੇਸ਼ਨ ਦੇ ਅਧਿਕਾਰੀਆਂ ਨਾਲ ਮੀਟਿੰਗ ਦੌਰਾਨ ਫ਼ਿਰੋਜ਼ਪੁਰ ਮਿਰਚ ਪੱਟੀ ਦੇ ਕਿਸਾਨਾਂ ਲਈ ਪ੍ਰੋਸੈਸਿੰਗ ਪਲਾਂਟ ਲਾਉਣ ਦੀਆਂ ਸੰਭਾਵਨਾਵਾਂ ਤਲਾਸ਼ਣ ਲਈ ਆਖਿਆ ਹੈ। ਉਨ੍ਹਾਂ ਇੱਕ ਮਹੀਨੇ ਦੇ ਅੰਦਰ ਇਸ ਸਬੰਧੀ ਰਿਪੋਰਟ ਪੇਸ਼ ਕਰਨ ਲਈ ਕਿਹਾ ਹੈ।

ਵਿਧਾਨ ਸਭਾ ਸਕੱਤਰੇਤ ਵਿਖੇ ਮਿਰਚ ਪੱਟੀ ਦੇ ਕਿਸਾਨਾਂ ਸਣੇ ਅਧਿਕਾਰੀਆਂ ਨਾਲ ਮੀਟਿੰਗ ਦੌਰਾਨ ਸੰਧਵਾਂ ਨੇ ਕਿਹਾ ਕਿ ਫਿਰੋਜ਼ਪੁਰ ਪੱਟੀ ਦੇ ਕਿਸਾਨਾਂ ਵੱਲੋਂ ਇੱਕ ਅੰਦਾਜ਼ੇ ਮੁਤਾਬਕ ਕਰੀਬ 40,000 ਏਕੜ ਰਕਬੇ 'ਤੇ ਮਿਰਚ ਦੀ ਖੇਤੀ ਕੀਤੀ ਜਾਂਦੀ ਹੈ। ਇਸ ਨਾਲ ਪੰਜਾਬ ਦੀ, ਸਭ ਤੋਂ ਵੱਧ ਮਿਰਚ ਉਤਪਾਦਨ ਵਾਲੇ ਦੇਸ਼ ਮੈਕਸੀਕੋ 'ਤੇ ਨਿਰਭਰਤਾ ਘਟੇਗੀ, ਜੋ ਸੂਬੇ ਲਈ ਮਾਣ ਵਾਲੀ ਗੱਲ ਹੈ। ਇਸ ਲਈ ਸੂਬਾ ਸਰਕਾਰ ਦਾ ਫ਼ਰਜ਼ ਹੈ ਕਿ ਉਹ ਇਸ ਖੇਤਰ ਵਿੱਚ ਮਿਰਚ ਦੀ ਪ੍ਰੋਸੈਸਿੰਗ ਲਈ ਪਲਾਂਟ ਸਥਾਪਤ ਕਰੇ ਤਾਂ ਜੋ ਪੰਜਾਬ ਦੀ ਮਿਰਚ, ਜੋ ਰਾਜਸਥਾਨ ਦੇ ਜੈਪੁਰ ਵਿਖੇ ਵਿਕਦੀ ਹੈ ਅਤੇ ਮੁੜ ਘੁੰਮ ਕੇ ਅੰਮ੍ਰਿਤਸਰ ਦੀ ਮੰਡੀ ਵਿੱਚ ਵਿਕਣ ਲਈ ਆਉਂਦੀ ਹੈ, ਉਸ ਨੂੰ ਇਥੇ ਹੀ ਪ੍ਰੋਸੈਸ ਕਰਕੇ ਘਰੇਲੂ ਖਪਤ ਲਈ ਸਪਲਾਈ ਕੀਤੀ ਜਾ ਸਕੇ।

ਸਪੀਕਰ ਨੇ ਅਧਿਕਾਰੀਆਂ ਨੂੰ ਕਿਹਾ ਕਿ ਇਸ ਖੇਤਰ ਦੀਆਂ ਮਿਰਚਾਂ ਲਈ ਪ੍ਰੋਸੈਸਿੰਗ ਪਲਾਂਟ ਅਤੇ ਮਿਰਚਾਂ ਨੂੰ ਸੁਕਾਉਣ ਲਈ ਡਰਾਇਰ ਲਾਉਣ, ਨਵੀਆਂ ਕਿਸਮਾਂ ਲਈ ਖੋਜ ਕੇਂਦਰ ਅਤੇ ਕੋਲਡ ਸਟੋਰੇਜ ਚੇਨ ਸਥਾਪਤ ਕਰਨ ਜਿਹੀਆਂ ਸਹੂਲਤਾਂ ਲਈ ਸੰਭਾਵਨਾਵਾਂ ਤਲਾਸ਼ੀਆਂ ਜਾਣ। ਉਨ੍ਹਾਂ ਕਿਹਾ ਕਿ ਉਹ ਇੱਕ ਮਹੀਨੇ ਬਾਅਦ ਪ੍ਰਗਤੀ ਦੀ ਸਮੀਖਿਆ ਕਰਨਗੇ।

ਕਿਸਾਨਾਂ ਨੂੰ ਫ਼ਸਲੀ ਵਿਭਿੰਨਤਾ ਵੱਲ ਉਤਸ਼ਾਹਿਤ ਕਰਨ ਦੇ ਮਕਸਦ ਨਾਲ ਉਨ੍ਹਾਂ ਪੰਜਾਬ ਐਗਰੋ ਐਕਸਪੋਰਟ ਕਾਰਪੋਰੇਸ਼ਨ ਦੇ ਜਨਰਲ ਮੈਨੇਜਰ ਰਣਬੀਰ ਸਿੰਘ ਨੂੰ ਆਦੇਸ਼ ਦਿੱਤੇ ਕਿ ਉਹ ਮਿਰਚਾਂ ਦਾ ਮੁੱਲ ਤੈਅ ਕਰਨ ਸਮੇਂ ਕਿਸਾਨ ਨੁਮਾਇੰਦਿਆਂ ਨੂੰ ਸ਼ਾਮਲ ਕਰਨ। ਇਸ ਦੇ ਨਾਲ ਹੀ ਉਨ੍ਹਾਂ ਕਿਸਾਨਾਂ ਵਲੋਂ ਇੱਕਜੁਟ ਹੋ ਕੇ ਮਿਰਚ ਦਾ ਮੁੱਲ ਤੈਅ ਕਰਨ ਲਈ ਉਨ੍ਹਾਂ ਦੀ ਸ਼ਲਾਘਾ ਵੀ ਕੀਤੀ। ਉਨ੍ਹਾਂ ਕਿਹਾ ਕਿ ਹੋਰਨਾਂ ਕਿਸਾਨਾਂ ਨੂੰ ਵੀ ਇਨ੍ਹਾਂ ਕਿਸਾਨਾਂ ਤੋਂ ਸੇਧ ਲੈਣੀ ਚਾਹੀਦੀ ਹੈ।

ਇਸੇ ਤਰ੍ਹਾਂ ਪੰਜਾਬ ਮੰਡੀ ਬੋਰਡ ਦੀ ਸਕੱਤਰ ਮੈਡਮ ਅੰਮ੍ਰਿਤ ਗਿੱਲ ਨੂੰ ਪਹਿਲ ਦੇ ਆਧਾਰ 'ਤੇ ਮੰਡੀਆਂ ਦੇ ਥੜ੍ਹੇ ਪੱਕੇ ਕਰਨ ਲਈ ਕਿਹਾ। ਉਨ੍ਹਾਂ ਕਿਹਾ ਕਿ ਮੰਡੀਆਂ ਕਿਸਾਨਾਂ ਲਈ ਬਣਾਈਆਂ ਗਈਆਂ ਹਨ, ਇਸ ਲਈ ਇਹ ਵੀ ਯਕੀਨੀ ਬਣਾਇਆ ਜਾਵੇ ਕਿ ਮੰਡੀਆਂ ਦੀ ਵੱਧ ਤੋਂ ਵੱਧ ਵਰਤੋਂ ਕਿਸਾਨ ਵੱਲੋਂ ਕੀਤੀ ਜਾਵੇ ਨਾਕਿ ਵਪਾਰੀ ਵਰਗ ਨੂੰ ਪਹਿਲ ਦੇ ਕੇ ਕਿਸਾਨਾਂ ਨੂੰ ਦਰਕਿਨਾਰ ਕੀਤਾ ਜਾਵੇ।

ਮੀਟਿੰਗ ਦੌਰਾਨ ਵਿਧਾਇਕ ਗੁਰੂਹਰਸਹਾਏ ਫੌਜਾ ਸਿੰਘ ਸਰਾਰੀ, ਵਿਧਾਇਕ ਫਿਰੋਜ਼ਪੁਰ ਸ਼ਹਿਰੀ ਰਣਬੀਰ ਸਿੰਘ, ਵਿਧਾਇਕ ਧਰਮਕੋਟ ਦਵਿੰਦਰਜੀਤ ਸਿੰਘ ਲਾਡੀ ਢੋਸ, ਵਿਧਾਇਕ ਜ਼ੀਰਾ ਨਰੇਸ਼ ਕਟਾਰੀਆ, ਵਿਧਾਇਕ ਫ਼ਰੀਦਕੋਟ ਗੁਰਦਿੱਤ ਸਿੰਘ ਸੇਖੋਂ, ਪੰਜਾਬ ਐਗਰੋ ਐਕਸਪੋਰਟ ਕਾਰਪੋਰੇਸ਼ਨ ਦੇ ਚੇਅਰਮੈਨ ਮੰਗਲ ਸਿੰਘ, ਬਾਗ਼ਬਾਨੀ ਵਿਭਾਗ ਦੇ ਸਕੱਤਰ ਅਰਸ਼ਦੀਪ ਸਿੰਘ ਥਿੰਦ ਤੇ ਡਾਇਰੈਕਟਰ ਸ਼ੈਲੇਂਦਰ ਕੌਰ ਅਤੇ ਮਿਰਚ ਪੱਟੀ ਦੇ ਕਿਸਾਨ ਹਰਦੀਪ ਸਿੰਘ, ਬਲਵਿੰਦਰ ਸਿੰਘ, ਲਖਵਿੰਦਰ ਸਿੰਘ ਅਤੇ ਸ਼ਮਸ਼ੇਰ ਸਿੰਘ ਆਦਿ ਹਾਜ਼ਰ ਸਨ।



URGENTLY NEED NEW LISTINGS IN BRAMPTON/CALEDON

visit: www.teamjagaujla.com



ADVERTISEMENT GUARANTEED TILL SOLD

**JAG AUJLA**

MCNE, REAL ESTATE BROKER

**416-371-7777**

e-mail: j.aujla@rogers.com or visit: www.jagaujla.com

CALL JAG AUJLA FOR A QUICK & FREE HOME EVALUATION

www.BramptonTopRealtor.com

RECENTLY LISTED/SOLD IN YOUR NEIGHBOURHOOD

**Hwy 7/ Churchill Rd/Tanners Dr**



ਵਧੀਆ ਲੋਕੇਸ਼ਨ, ਡਬਲ ਸਟੋਰੀ ਘਰ, 3400 ਸਕੇਅਰ ਫੁਟ, 3 ਖੁਲੇ-ਡੁਲੇ ਬੈਡਰੂਮ, ਫਿਨੀਸ਼ਡ ਬੈਸਮੈਂਟ, ਸਟੋਨ ਪੈਟਿਓ, ਪਾਵਰ ਗਰਾਜ ਤੇ ਹੋਰ ਵੀ ਬਹੁਤ ਕੁਝ, ਅੱਜ ਹੀ ਸੰਪਰਕ ਕਰੋ।

**Mclaughlin Rd & Steeles Ave**



ਸੋਹਣਾ ਤੇ ਸਾਫ ਸੁਥਰਾ, ਮਾਡਰਨ ਲੇਆਉਟ, 3515 ਸਕੇਅਰ ਫੁਟ ਵਿਚ 4 + 2 ਬੈਡਰੂਮ ਤੇ 5 ਵਾਸ਼ਰੂਮ ਦਾ ਘਰ, ਲੈਮੀਨੇਟ ਫਲੋਰ, ਨਵੇ ਰੂਫ ਸ਼ਿੰਗਲ, ਪਿਛਲੇ ਸਾਲ ਬਣੀ ਬੈਸਮੈਂਟ। ਸੰਪਰਕ ਕਰੋ

**Wanless /Queen Mary /Mclaughlin**



2016 ਵਿਚ ਬਣਿਆ, ਡਬਲ ਡੋਰ ਗਰਾਜ, 4364 ਸਕੇਅਰ ਫੁਟ, 4 ਖੁਲੇ-ਡੁਲੇ ਬੈਡਰੂਮ ਤੇ 5 ਵਾਸ਼ਰੂਮ, ਫਿਨੀਸ਼ਡ ਬੈਸਮੈਂਟ ਜਿਸ ਨੂੰ ਸੈਪਰੇਟ ਏਨੰਟਰੈਂਸ ਤੇ 2 ਬੈਡਰੂਮ ਲਈ ਸੰਪਰਕ ਕਰੋ।

**Chinguacousy & Bovaird**



ਸ਼ਾਨਦਾਰ ਤੇ ਸਾਫ ਸੁਥਰਾ, ਮਾਡਰਨ ਲੇਆਉਟ ਵਿਚ 4 ਬੈਡਰੂਮ ਤੇ 4 ਵਾਸ਼ਰੂਮ ਦਾ ਘਰ, ਲੈਮੀਨੇਟ ਫਲੋਰ, ਅਪਗ੍ਰੇਡਡ ਕਿਚਨ, ਫਿਨੀਸ਼ ਬੈਸਮੈਂਟ ਤੇ ਹੋਰ ਵੀ ਕਈ ਅਪਗ੍ਰੇਡਜ਼, ਸੰਪਰਕ ਕਰੋ।

FREE
- Full MLS services
- Consistent marketing until your property is sold
- Competitive rates, exceptional service & award winning results
- Staging consultation
- Billboard, flyer
- Online Promotion
- Professional pictures & virtual tour
- Social media & radio advertisement
- Open house till sold

RE/MAX REALTY SPECIALISTS INC. Ph:905-456-3232

JAG AUJLA 416-371-7777

MCNE, Real Estate Broker

NOT INTENDED TO SOLICIT BUYERS OR SELLERS CURRENTLY UNDER CONTRACT

**Dr. Randhawa Dentistry**

*Your own dentist who really cares for you*

We Provide the following Services:
- Dental Crowns, Veneers & Bridges
- Dental Fillings & Gum Treatment
- Root Canal (RCT), Dentures, Extraction
- Kids Dentistry
- Wisdom Tooth Surgery
- Invisalign (Invisible Braces)
- Digital X-Rays System
- Teeth Cleaning & Whitening
- Cosmetic Dental Treatment

Dr. Samreet Kaur Randhawa
General Family Dentist


New Patients welcome
Deal Directly with all Insurance Companies

- ਸੀਨੀਅਰ ਡਿਸਕਾਊਂਟ
- ਅਸੀਂ ਤੁਹਾਡੀ ਭਾਸ਼ਾ ਬੋਲਦੇ ਹਾਂ
- ਐਮਰਜੈਂਸੀ ਅਤੇ ਵਾਕ ਇਨ ਸੇਵਾਵਾਂ

INVISALIGN & BRACES INCLUDING CLEAR BRACES
Invisible Braces ਜਿਹੜੀਆਂ ਕਿ ਦੂਰੋਂ ਨਜ਼ਰ ਨਹੀਂ ਆਉਂਦੀਆਂ
Show Your Smile More With Invisible Braces!

FIRST LOCATION
DENTISTRY @ BONNIE BRAES
50 CHESTERWOOD CRES, UNIT 2
BRAMPTON, ON L6Y 0Z4
(OPP. CHRUCHVILLE PUBLIC SCHOOL, JAMES POTTER / BONNIE BRAES INTERSECTION)
Tel : 905-230-9044

NEW LOCATION
10 SQUIRE ELLIS DR, UNIT 5-6
BRAMPTON, ON L6P 4K6
(MAJOR INTERSECTION: GORE RD/MAYFIELD)
Tel :905-794-5111




**Grand Upholstery Ltd**

**Sofa Company** Originality in Every Piece

Special on Sale

- ਪੁਰਾਣੇ ਸੋਫਿਆਂ ਦੀ ਮੁਰੰਮਤ ਵੀ ਕੀਤੀ ਜਾਂਦੀ ਹੈ
- ਟੌਪ ਕੁਆਲਿਟੀ ਦੀ ਫੋਮ ਅਤੇ ਸਪਰਿੰਗ ਵਰਤੇ ਜਾਂਦੇ ਹਨ।
- ਆਪਣੀ ਮਨਪਸੰਦ ਦਾ ਕੋਈ ਵੀ L Shape ਡਿਜਾਇਨ ਅਤੇ ਰੰਗ ਚੁਣ ਸਕਦੇ ਹੋ।
- ਕੱਪੜਾ ਚਾੜ ਕੇ ਪੁਰਾਣਾ ਸੋਫਾ, ਡਾਇਨਿੰਗ ਚੇਅਰ ਨੂੰ ਨਵਿਆਂ ਵਰਗਾ ਬਣਾਉਂਦੇ ਹਾਂ

ਆਰਡਰ ਦੇ ਕੇ ਨਵੇਂ ਸੋਫੇ ਦੂਜੇ ਸਟੋਰਾਂ ਨਾਲੋ ਘੱਟ ਕੀਮਤ ਉੱਤੇ ਵੀ ਲੈ ਸਕਦੇ ਹੋ



ਕੁਆਲਿਟੀ ਮੂੰਹੋਂ ਬੋਲਦੀ ਹੈ

Tel: 905.791.2888 Cell: 647.293.3212
2053 Williams Pkwy, Unit -45, Brampton | Email: grandupholstery@gmail.com




FRESH & LARGE VARIETY
Bread, Dairy & Eggs
Branded Foods
Fruits & Vegetables
Beverages & Confectionery
Grocery & Staples
Sweet & Samosas

SERVING FROM ALL LOCATIONS IN GTA AREA:

10 Westmore Drive
Etobicoke ON M9V-3Z7
416-740-3262

21 Lacoste Blvd,
Brampton, ON L6P 2K2
905 794-8109

621 Wanless drive, # 122
Brampton ON L7A 0A9
905-495-3336

1075 Ceremonial Drive
Mississauga ON L5R 2Z4
905-502-1600

80 Pertosa Drive
Brampton ON L5X-5E9
905-460-0009

10510 Torbram Road,
Brampton
905-790-0030

2120 North park Drive
Brampton ON L6S 0C9
905-793-1338

10 Pannahill Dr,
Brampton
905 913-8017